SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 49 | Friday, March 08, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

## ਲਿਬਰਲਾਂ ਨੂੰ ਵੋਟ ਪਾਉਣ ਬਾਰੇ ਸੋਚ ਵੀ ਨਹੀਂ ਰਹੇ ਬਹੁਗਿਣਤੀ ਕੈਨੇਡੀਅਨਜ਼ : ਨੈਨੋਜ਼

ਓਟਵਾ, 7 ਮਾਰਚ (ਪੋਸਟ ਬਿਊਰੋ) :ਇਸ ਸਮੇਂ ਬਹੁਤ ਘੱਟ ਅਜਿਹੇ ਕੈਨੇਡੀਅਨਜ਼ ਹਨ ਜਿਹੜੇ ਜਸਟਿਨ ਟਰੂਡੋ ਦੀ ਅਗਵਾਈ ਵਾਲੀ ਲਿਬਰਲ ਪਾਰਟੀ ਨੂੰ ਵੋਟ ਪਾਉਣ ਬਾਰੇ ਸੋਚ ਰਹੇ ਹਨ। ਇਸ ਦਾ ਖੁਲਾਸਾ ਨੈਨੋਜ਼ ਰਿਸਰਚ ਵੱਲੋਂ ਕੀਤਾ ਗਿਆ।

2015 ਵਿੱਚ ਟਰੂਡੋ ਦੀ ਅਗਵਾਈ ਵਾਲੀ ਲਿਬਰਲ ਪਾਰਟੀ ਦੇ ਹੱਥ ਸੱਤਾ ਆਉਣ ਤੋਂ ਕਈ ਹਫਤੇ ਪਹਿਲਾਂ ਤੋਂ ਨੈਨੋਜ਼ ਵੱਲੋਂ ਕੈਨੇਡੀਅਨਜ਼ ਦੀ ਰਾਇ ਜਾਨਣ ਲਈ ਸਰਵੇਖਣ ਕਰਵਾਏ ਜਾਂਦੇ ਰਹੇ ਹਨ। 2015 ਦੀਆਂ ਫੈਡਰਲ ਚੋਣਾਂ ਤੋਂ ਪਹਿਲੇ ਮਹੀਨਿਆਂ ਵਿੱਚ ਕਰਵਾਏ ਗਏ ਸਰਵੇਖਣਾਂ ਵਿੱਚ 50 ਤੋਂ 60 ਫੀ ਸਦੀ ਕੈਨੇਡੀਅਨਜ਼ ਲਿਬਰਲਾਂ ਲਈ ਵੋਟ ਪਾਉਣ ਦੀਆਂ ਗੱਲਾਂ ਕਰ ਰਹੇ ਸਨ। ਉਸ ਸਮੇਂ ਸਾਬਕਾ ਕੰਜ਼ਰਵੇਟਿਵ ਪ੍ਰਧਾਨ ਮੰਤਰੀ ਸਟੀਫਨ ਹਾਰਪਰ ਦੇ ਹੱਥ ਸੱਤਾ ਦੀ ਡੋਰ ਸੀ।ਪਰ ਉਸ ਦੇ ਮੁਕਾਬਲੇ ਹੁਣ ਕਰਵਾਏ ਜਾ ਰਹੇ ਸਰਵੇਖਣਾਂ ਵਿੱਚ ਸਿਰਫ 36.2 ਫੀ ਸਦੀ ਦਾ ਹੀ ਇਹ ਕਹਿਣਾ ਹੈ ਕਿ ਉਹ ਲਿਬਰਲ ਪਾਰਟੀ ਨੂੰ ਵੋਟ ਪਾਉਣਗੇ।ਨਵੰਬਰ ਵਿੱਚ ਕਰਵਾਏ ਗਏ ਸਰਵੇਖਣ ਵਿੱਚ 34.6 ਫੀ ਸਦੀ ਨਾਲੋਂ ਇਹ ਅੰਕੜਾ ਥੋੜ੍ਹਾ ਜਿਹਾ ਹੀ ਵੱਧ ਹੈ।

ਇੱਕ ਇੰਟਰਵਿਊ ਵਿੱਚ ਨੈਨੋਜ਼ ਰਿਸਰਚ ਦੇ ਬਾਨੀ ਤੇ ਪੋਲਸਟਰ ਨਿੱਕ ਨੈਨੋਜ਼ ਨੇ ਆਖਿਆ ਕਿ ਇਸ ਤੋਂ ਭਾਵ ਇਹ ਹੈ ਕਿ ਬਹੁਗਿਣਤੀ ਕੈਨੇਡੀਅਨਜ਼ ਲਿਬਰਲਾਂ ਬਾਰੇ ਵੋਟ ਕਰਨ ਦਾ ਸੋਚ ਵੀ ਨਹੀਂ ਰਹੇ। ਇਸ ਤੋਂ ਇਲਾਵਾ ਨੈਨੋਜ਼ ਵੱਲੋਂ ਕਰਵਾਏ ਗਏ ਤਾਜ਼ਾ ਸਰਵੇਖਣ ਵਿੱਚ ਕੰਜ਼ਰਵੇਟਿਵਾਂ ਨੂੰ ਲਿਬਰਲਾਂ ਉੱਤੇ 20 ਅੰਕਾਂ ਦੀ ਲੀਡ ਮਿਲਦੀ ਸਾਫ ਨਜ਼ਰ ਆ ਰਹੀ ਹੈ।ਦੂਜੇ ਲਫਜ਼ਾਂ ਵਿੱਚ ਇਹ ਆਖਿਆ ਜਾ ਸਕਦਾ ਹੈ ਕਿ ਜੇ ਅੱਜ ਚੋਣਾਂ ਕਰਵਾਈਆਂ ਜਾਂਦੀਆਂ ਹਨ ਤਾਂ ਕੰਜ਼ਰਵੇਟਿਵਾਂ ਨੂੰ 43 ਫੀ ਸਦੀ ਵੋਟਾਂ ਹਾਸਲ ਹੋਣਗੀਆਂ ਜਦਕਿ ਲਿਬਰਲਾਂ ਨੂੰ 23 ਫੀ ਸਦੀ ਤੇ ਐਨਡੀਪੀ ਨੂੰ 21 ਫੀ ਸਦੀ ਵੋਟਾਂ ਮਿਲਣਗੀਆਂ, ਬਲਾਕ ਨੂੰ ਛੇ ਫੀ ਸਦੀ ਤੇ ਗ੍ਰੀਨ ਪਾਰਟੀ ਨੂੰ ਚਾਰ ਫੀ ਸਦੀ ਵੋਟਾਂ ਨਾਲ ਹੀ ਸਬਰ ਕਰਨਾ ਹੋਵੇਗਾ।



ਲਿਬਰਲਾਂ ਦੀ ਤਕਲੀਫ ਉਸ ਸਮੇਂ ਹੋਰ ਵੱਧ ਜਾਂਵੇਗੀ ਜਦੋਂ ਉਨ੍ਹਾਂ ਨੂੰ ਇਹ ਪਤਾ ਲੱਗੇਗਾ ਕਿ ਨੈਨੋਜ਼ ਦੇ ਤਾਜ਼ਾ ਸਰਵੇਖਣ ਵਿੱਚ ਹਿੱਸਾ ਲੈਣ ਵਾਲੇ 37 ਫੀ ਸਦੀ ਕੈਨੇਡੀਅਨਜ਼ ਨੇ ਪ੍ਰਧਾਨ ਮੰਤਰੀ ਵਜੋਂ ਪੋਲੀਏਵਰ ਨੂੰ ਆਪਣਾ ਪਸੰਦੀਦਾ ਆਗੂ ਦੱਸਿਆ ਹੈ ਤੇ ਸਿਰਫ 19 ਫੀ ਸਦੀ ਨੇ ਹੀ ਟਰੂਡੋ ਨੂੰ ਪਸੰਦੀਦਾ ਆਗੂ ਮੰਨਿਆ ਹੈ। ਨੈਨੋਜ਼ ਦਾ ਕਹਿਣਾ ਹੈ ਕਿ ਫੈਡਰਲ ਚੋਣਾਂ ਅਜੇ ਅਕਤੂਬਰ 2025 ਵਿੱਚ ਹੋਣੀਆਂ ਹਨ ਤੇ ਇਸ ਲਈ ਲਿਬਰਲਾਂ ਕੋਲ ਵੋਟਰਾਂ ਨੂੰ ਮੁੜ ਆਪਣੇ ਵੱਲ ਕਰਨ ਲਈ ਕੁੱਝ ਸਮਾਂ ਹੈ। ਇਸ ਸਾਲ ਵਧੀਆ ਫੈਡਰਲ ਬਜਟ ਪੇਸ਼ ਕਰਕੇ ਲਿਬਰਲ ਅਜਿਹਾ ਕਰ ਸਕਦੇ ਹਨ।

## ਓਟਵਾ ਦੇ ਇੱਕ ਘਰ ਵਿੱਚੋਂ ਮਿਲੀਆਂ 2 ਬਾਲਗਾਂ ਤੇ 4 ਬੱਚਿਆਂ ਦੀਆਂ ਲਾਸ਼ਾਂ

ਓਟਵਾ, 7 ਮਾਰਚ (ਪੋਸਟ ਬਿਊਰੋ) : ਓਟਵਾ ਦੇ ਬਾਰਹੈਵਨ ਸਬਅਰਬ ਦੇ ਇੱਕ ਘਰ ਵਿੱਚ ਮ੍ਰਿਤਕ ਪਾਏ ਗਏ 2 ਬਾਲਗਾਂ ਤੇ 4 ਬੱਚਿਆਂ ਦੇ ਮਾਮਲੇ ਦੀ ਹੋਮੀਸਾਈਡ ਯੂਨਿਟ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਬੁੱਧਵਾਰ ਨੂੰ ਰਾਤੀਂ 11:00 ਵਜੇ ਦੇ ਨੇੜੇ ਤੇੜੇ ਬੈਰੀਗਨ ਡਰਾਈਵ ਦੇ 300ਵੇਂ ਬਲਾਕ ਵਿੱਚ ਸਥਿਤ ਇੱਕ ਘਰ ਵਿੱਚ ਓਟਵਾ ਪੁਲਿਸ ਸਰਵਿਸ (ਓਪੀਐਸ) ਨੂੰ ਸੱਦਿਆ ਗਿਆ। ਇਸ ਘਰ ਵਿੱਚ ਹੀ 2 ਬਾਲਗਾਂ ਤੇ 4 ਬੱਚਿਆਂ ਦੀਆਂ ਲਾਸ਼ਾਂ ਪਈਆਂ ਸਨ। ਮਾਰੇ ਗਏ ਲੋਕਾਂ ਦੀ ਸ਼ਨਾਖ਼ਤ ਬਾਰੇ ਅਜੇ ਪੁਸ਼ਟੀ ਨਹੀਂ ਕੀਤੀ ਗਈ ਹੈ। ਇੱਕ ਹੋਰ ਵਿਅਕਤੀ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ ਤੇ ਜਨਤਾ ਨੂੰ ਕਿਸੇ ਕਿਸਮ ਦਾ ਕੋਈ ਖਤਰਾ ਨਹੀਂ ਹੈ। ਓਪੀਐਸ ਹੋਮੀਸਾਈਡ ਯੂਨਿਟ ਵੱਲੋਂ ਮਾਮਲੇ ਦੀ ਜਾਂਚ ਆਪਣੇ ਹੱਥਾਂ ਵਿੱਚ ਲੈ ਲਈ ਗਈ ਹੈ ਤੇ ਇਲਾਕੇ ਵਿੱਚ ਭਾਰੀ ਮਾਤਰਾ ਵਿੱਚ ਪੁਲਿਸ ਵੇਖਣ ਨੂੰ ਮਿਲ ਸਕਦੀ ਹੈ। ਓਪੀਐਸ ਨੇ ਸੋਸ਼ਲ ਮੀਡੀਆ ਉੱਤੇ ਪਾਈ ਪੋਸਟ ਵਿੱਚ ਆਖਿਆ ਕਿ ਇਹ ਬਹੁਤ ਹੀ ਦੁੱਖਦਾਈ ਘਟਨਾ ਵਾਪਰੀ ਹੈ ਤੇ ਇਸ ਦੀ ਜਾਂਚ ਵੀ ਗੁੰਝਲਦਾਰ ਹੋ ਸਕਦੀ ਹੈ। ਉਨ੍ਹਾਂ ਆਖਿਆ ਕਿ ਜਾਂਚ ਟੀਮਾਂ ਬੈਰੀਗਨ ਡਰਾਈਵ ਉੱਤੇ ਬਣੀਆਂ ਰਹਿਣਗੀਆਂ।



## ਮੈਕੇਲੀਅਨ ਦੇ ਬੇਟੇ ਤੋਂ ਇਲਾਵਾ ਤਿੰਨ ਕਾਊਂਸਲਰਾਂ ਨੇ ਵੀ ਮੇਅਰ ਦੇ ਅਹੁਦੇ ਲਈ ਭਰੀਆਂ ਨਾਮਜ਼ਦਗੀਆਂ

ਮਿਸੀਸਾਗਾ, 7 ਮਾਰਚ (ਪੋਸਟ ਬਿਊਰੋ) : ਮਿਸੀਸਾਗਾ ਦਾ ਅਗਲਾ ਮੇਅਰ ਬਣਨ ਦੀ ਦੌੜ ਵਿੱਚ ਹੇਜ਼ਲ ਮੈਕੇਲੀਅਨ ਦੇ ਲੜਕੇ ਤੋਂ ਇਲਾਵਾ ਤਿੰਨ ਕਾਊਂਸਲਰਜ਼ ਵੀ ਸ਼ਾਮਲ ਹੋ ਗਏ ਹਨ।



ਬੁੱਧਵਾਰ ਤੋਂ ਮਿਸੀਸਾਗਾ ਦਾ ਮੇਅਰ ਬਣਨ ਦੀ ਦੌੜ ਦੀ ਰਸਮੀ ਸ਼ੁਰੂਆਤ ਹੋਈ। ਇਸ ਦਿਨ ਤੋਂ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਕਾਗਜ਼ ਦਾਖਲ ਕਰਨੇ ਸ਼ੁਰੂ ਕਰ ਦਿੱਤੇ।36 ਸਾਲਾਂ ਤੱਕ ਮਿਸੀਸਾਗਾ ਦੀ ਮੇਅਰ ਰਹੀ ਹੇਜ਼ਲ ਮੈਕੇਲੀਅਨ ਦੇ ਲੜਕੇ ਪੀਟਰ ਮੈਕੇਲੀਅਨ ਨੇ ਨਾਮਜ਼ਦਗੀਆਂ ਭਰਨ ਦੇ ਪਹਿਲੇ ਦਿਨ ਹੀ ਆਪਣੇ ਕਾਗਜ਼ ਦਾਖਲ ਕਰਵਾ ਦਿੱਤੇ। ਨਾਮਜ਼ਦਗੀਆਂ ਭਰਨ ਦਾ ਇਹ ਸਿਲਸਿਲਾ 26 ਅਪਰੈਲ ਤੱਕ ਚੱਲੇਗਾ। ਪੀਟਰ ਮੈਕੇਲੀਅਨ ਨੇ ਆਖਿਆ ਕਿ ਉਹ ਆਪਣੀ ਮਾਂ ਦੇ ਨਕਸ਼ੇ ਕਦਮਾਂ ਉੱਤੇ ਚੱਲੇਗਾ। ਉਸ ਨੇ ਆਪਣੀ ਜਿੱਤ ਦੀ ਵੀ ਪੂਰੀ ਆਸ ਪ੍ਰਗਟਾਈ।

ਮਿਸੀਸਾਗਾ ਦੇ ਤਿੰਨ ਕਾਊਂਸਲਰਾਂ, ਜਿਨ੍ਹਾਂ ਵਿੱਚ ਵਾਰਡ 1 ਦੇ ਕਾਊਂਸਲਰ ਸਟੀਫਨ ਡਾਸਕੋ, ਵਾਰਡ 2 ਤੋਂ ਕਾਊਂਸਲਰ ਐਲਵਿਨ ਤੇਦਜੋ ਤੇ ਵਾਰਡ 5 ਤੋਂ ਕਾਊਂਸਲਰ ਕੈਰੋਲਿਨ ਪੈਰਿਸ ਸ਼ਾਮਲ ਹਨ, ਨੇ ਵੀ ਨਾਮਜ਼ਦਗੀ ਕਾਗਜ਼ ਦਾਖਲ ਕਰਵਾਏ। ਮਿਸੀਸਾਗਾ ਵਾਸੀ 10 ਜੂਨ ਨੂੰ ਆਪਣਾ ਅਗਲਾ ਮੇਅਰ ਚੁਣਨਗੇ।

## ਅੱਗ ਲੱਗਣ ਕਾਰਨ ਸੜ ਕੇ ਸੁਆਹ ਹੋਇਆ ਘਰ, ਇੱਕ ਜ਼ਖ਼ਮੀ



ਬਰੈਂਪਟਨ, 7 ਮਾਰਚ (ਪੋਸਟ ਬਿਊਰੋ) : ਵੀਰਵਾਰ ਸਵੇਰੇ ਬਰੈਂਪਟਨ ਦੇ ਇੱਕ ਘਰ ਵਿੱਚ ਲੱਗੀ ਜ਼ਬਰਦਸਤ ਅੱਗ ਉੱਤੇ ਕਾਬੂ ਪਾਉਣ ਲਈ ਫਾਇਰ ਕ੍ਰਿਊ ਨੂੰ ਕਾਫੀ ਮਸ਼ੱਕਤ ਕਰਨੀ ਪਈ।

ਬ੍ਰੈਮਲੀ ਰੋਡ ਤੇ ਵਿਲੀਅਮਜ਼ ਪਾਰਕਵੇਅ ਇਲਾਕੇ ਵਿੱਚ ਇੱਕ ਟਾਊਨਹਾਊਸ ਵਿੱਚ ਲੱਗੀ ਅੱਗ ਦੀ ਜਾਣਕਾਰੀ ਮਿਲਣ ਤੋਂ ਬਾਅਦ ਤੜਕੇ 3:30 ਵਜੇ ਤੋਂ ਪਹਿਲਾਂ ਐਮਰਜੰਸੀ ਕ੍ਰਿਊ ਮੌਕੇ ਉੱਤੇ ਪਹੁੰਚਿਆ। ਪੀਲ ਪੁਲਿਸ ਨੇ ਦੱਸਿਆ ਕਿ ਨੇੜਲੇ ਘਰਾਂ ਤੋਂ ਲੋਕਾਂ ਨੂੰ ਬਾਹਰ ਕੱਢ ਲਿਆ ਗਿਆ। ਪੀਲ ਪੈਰਾਮੈਡਿਕਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇੱਕ ਵਿਅਕਤੀ ਨੂੰ ਮਾਮੂਲੀ ਜ਼ਖ਼ਮੀ ਹੋਣ ਕਾਰਨ ਹਸਪਤਾਲ ਲਿਜਾਇਆ ਗਿਆ।

ਅੱਗ ਐਨੀ ਜ਼ਬਰਦਸਤ ਸੀ ਕਿ ਸਾਰਾ ਘਰ ਸੜ ਕੇ ਸੁਆਹ ਹੋ ਗਿਆ ਤੇ ਨਾਲ ਦੇ ਘਰਾਂ ਨੂੰ ਵੀ ਨੁਕਸਾਨ ਪਹੁੰਚਿਆ। ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ।

## ਓਟਵਾ ਵਿੱਚ ਕਤਲ ਕੀਤੇ ਗਏ 6 ਵਿਅਕਤੀਆਂ ਦੀ ਪੁਲਿਸ ਨੇ ਕੀਤੀ ਸ਼ਨਾਖ਼ਤ, 19 ਸਾਲਾ ਲੜਕੇ ਨੂੰ ਕੀਤਾ ਗਿਆ ਚਾਰਜ

ਓਟਵਾ, 7 ਮਾਰਚ (ਪੋਸਟ ਬਿਊਰੋ) : ਓਟਵਾ ਪੁਲਿਸ ਵੱਲੋਂ ਓਟਵਾ ਸਬਅਰਬ ਵਿੱਚ ਮਾਰੇ ਗਏ ਛੇ ਵਿਅਕਤੀਆਂ, ਜਿਨ੍ਹਾਂ ਵਿੱਚ ਇੱਕ ਨਵ ਜੰਮਿਆਂ ਬੱਚਾ ਵੀ ਸ਼ਾਮਲ ਹੈ, ਦੀ ਪਛਾਣ ਕਰ ਲਈ ਗਈ ਹੈ। ਇਹ ਪਰਿਵਾਰ ਪਿੱਛੇ ਜਿਹੇ ਸ਼੍ਰੀ ਲੰਕਾ ਤੋਂ ਇੱਥੇ ਆ ਕੇ ਵੱਸਿਆ ਸੀ।

ਬੁੱਧਵਾਰ ਰਾਤ ਨੂੰ 911 ਉੱਤੇ ਕਾਲਜ਼ ਮਿਲਣ ਤੋਂ ਬਾਅਦ ਓਟਵਾ ਪੁਲਿਸ ਸਰਵਿਸ (ਓਪੀਐਸ) 10:52 ਉੱਤੇ ਬੈਰੀਗਨ ਡਰਾਈਵ ਦੇ 300ਵੇਂ ਬਲਾਕ ਵਿੱਚ ਸਥਿਤ ਇੱਕ ਘਰ ਵਿੱਚ ਪਹੁੰਚੀ।ਜਾਂਚਕਾਰਾਂ ਨੇ ਦੱਸਿਆ ਕਿ ਇੱਕ ਵਿਅਕਤੀ ਘਰ ਦੇ ਬਾਹਰ ਮਦਦ ਲਈ ਕੁਰਲਾਉਂਦਾ ਮਿਲਿਆ ਤੇ ਉਸ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀ ਹਾਲਤ ਗੰਭੀਰ ਪਰ ਸਥਿਰ ਦੱਸੀ ਜਾਂਦੀ ਹੈ।



ਪੁਲਿਸ ਨੇ ਦੱਸਿਆ ਕਿ ਉਸ ਦੀ ਪਤਨੀ, ਚਾਰ ਬੱਚਿਆਂ ਤੇ ਉਨ੍ਹਾਂ ਦੀ ਜਾਣ-ਪਛਾਣ ਵਿੱਚੋਂ ਇੱਕ ਵਿਅਕਤੀ ਘਰ ਦੇ ਅੰਦਰ ਮ੍ਰਿਤਕ ਪਏ ਮਿਲੇ। ਮ੍ਰਿਤਕਾਂ ਦੀ ਪਛਾਣ ਹੇਠ ਲਿਖੇ ਅਨੁਸਾਰ ਹੋਈ :

- ਦਰਸ਼ਨੀ ਬੰਬਾਰਨਾਇਕਾ, ਹਮਾ ਵਾਲਵੇ ਦਰਸ਼ਨੀ ਦਿਲਾਂਥਿਕਾ ਏਕਨਯੇਕੇ, ਉਮਰ 35 ਸਾਲ
- ਇਨੁਕਾ ਵਿਕਰਮਾਸਿੰਘੇ, ਉਮਰ 7 ਸਾਲ
- ਅਸ਼ਵਿਨੀ ਵਿਕਰਮਾਸਿੰਘੇ, ਉਮਰ 4 ਸਾਲ
- ਰਿਨਯਾਨਾ ਵਿਕਰਮਾਸਿੰਘੇ, ਉਮਰ 2 ਸਾਲ
- ਕੈਲੀ ਵਿਕਰਮਾਸਿੰਘੇ, ਉਮਰ 2 ਮਹੀਨੇ
- ਅਮਰਾਕੂਨਮੁਬਿਯਾਨਸੇਲਾ ਜੀ ਗਾਮਿਨੀ ਅਮਰਾਕੂਨ, ਉਮਰ 40 ਸਾਲ

ਸ਼੍ਰੀ ਲੰਕਾ ਦੇ ਹਾਈ ਕਮਿਸ਼ਨ ਦਾ ਕਹਿਣਾ ਹੈ ਕਿ ਉਹ ਕੋਲੰਬੋ ਵਿੱਚ ਇਸ ਪਰਿਵਾਰ ਦੇ ਹੋਰਨਾਂ ਮੈਂਬਰਾਂ ਨਾਲ ਪੂਰਾ ਰਾਬਤਾ ਰੱਖ ਰਿਹਾ ਹੈ।

ਓਟਵਾ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੇ 19 ਸਾਲਾਂ ਦੇ ਫੈਬਰੀਓ ਡੀ ਜੌਇਸਾ ਨੂੰ ਫਰਸਟ ਡਿਗਰੀ ਮਰਡਰ ਦੇ ਛੇ ਮਾਮਲਿਆਂ ਤੇ ਕਤਲ ਕਰਨ ਦੀ ਕੋਸ਼ਿਸ਼ ਕਰਨ ਦੇ ਇੱਕ ਮਾਮਲੇ ਵਿੱਚ ਚਾਰਜ ਕੀਤਾ ਹੈ।ਉਨ੍ਹਾਂ ਦੱਸਿਆ ਕਿ ਇਹ ਲੜਕਾ ਇੱਕ ਵਿਦਿਆਰਥੀ ਹੈ ਤੇ ਇਹ ਪਰਿਵਾਰ ਦੀ ਜਾਣ-ਪਛਾਣ ਵਿੱਚੋਂ ਹੀ ਸੀ ਤੇ ਘਟਨਾ ਸਮੇਂ ਘਰ ਵਿੱਚ ਹੀ ਰਹਿ ਰਿਹਾ ਸੀ। ਅਧਿਕਾਰੀਆਂ ਨੇ ਦੱਸਿਆ ਕਿ ਇਸ ਕਤਲੇਆਮ ਲਈ ਧਾਰਦਾਰ ਹਥਿਆਰ ਦੀ ਵਰਤੋਂ ਕੀਤੀ ਗਈ।ਨਿਊਜ਼ ਕਾਨਫਰੰਸ ਵਿੱਚ ਪੁਲਿਸ ਚੀਫ ਐਰਿਕ ਸਟੱਬਜ਼ ਨੇ ਆਖਿਆ ਕਿ ਇਸ ਹਿੰਸਕ ਘਟਨਾ ਨੇ ਓਟਵਾ ਵਾਸੀਆਂ ਨੂੰ ਹਿਲਾ ਕੇ ਰੱਖ ਦਿੱਤਾ ਹੈ। ਓਟਵਾ ਦੇ ਮੇਅਰ ਮਾਰਚ ਸੁਟਕਲਿੱਫ ਨੇ ਆਖਿਆ ਕਿ ਇਹ ਘਟਨਾ ਤਬਾਹਕੁੰਨ ਸੀ। ਇਸ ਘਟਨਾ ਤੋਂ ਬਾਅਦ ਸਾਡੇ ਵਿੱਚੋਂ ਬਹੁਤਿਆਂ ਦਾ ਰੂਟੀਨ ਵੱਲ ਪਰਤਣਾ ਮੁਸ਼ਕਲ ਹੋਵੇਗਾ, ਹਾਲਾਂਕਿ ਆਮ ਜਨਤਾ ਨੂੰ ਕੋਈ ਖਤਰਾ ਨਹੀਂ ਹੈ ਪਰ ਲੋਕ ਸਹਿਮ ਚੁੱਕੇ ਹਨ।ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਵੱਲੋਂ ਵੀ ਇਸ ਘਟਨਾ ਉੱਤੇ ਦੁੱਖ ਪ੍ਰਗਟਾਇਆ ਗਿਆ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਵੀ ਇਸ ਘਟਨਾ ਉੱਤੇ ਦੁੱਖ ਪ੍ਰਗਟਾਇਆ ਗਿਆ।

## ਭਾਰਤ-ਪਾਕਿਸਤਾਨ ਨੂੰ ਕਸ਼ਮੀਰ ਮੁੱਦੇ 'ਤੇ ਸ਼ਾਂਤੀ ਨਾਲ ਗੱਲਬਾਤ ਕਰਨੀ ਚਾਹੀਦੀ ਹੈ : ਅਮਰੀਕਾ

ਵਾਸ਼ਿੰਗਟਨ, 7 ਮਾਰਚ (ਪੋਸਟ ਬਿਊਰੋ): ਅਮਰੀਕਾ ਭਾਰਤ ਅਤੇ ਪਾਕਿਸਤਾਨ ਦਰਮਿਆਨ ਚੰਗੇ ਸਬੰਧ ਚਾਹੁੰਦਾ ਹੈ। ਅਮਰੀਕੀ ਵਿਦੇਸ਼ ਵਿਭਾਗ ਦੇ ਬੁਲਾਰੇ ਮੈਥਿਊ ਮਿਲਰ ਨੇ ਕਿਹਾ- ਭਾਰਤ ਅਤੇ ਪਾਕਿਸਤਾਨ ਨੂੰ ਕਸ਼ਮੀਰ ਮੁੱਦੇ 'ਤੇ ਸ਼ਾਂਤੀ ਨਾਲ ਗੱਲਬਾਤ ਕਰਨੀ ਚਾਹੀਦੀ ਹੈ। ਦੋਨਾਂ ਦੇਸ਼ਾਂ ਨੂੰ ਇਹ ਤੈਅ ਕਰਨਾ ਚਾਹੀਦਾ ਹੈ ਕਿ ਇਹ ਗੱਲਬਾਤ ਕਿਵੇਂ ਕੀਤੀ ਜਾਵੇ। ਸਾਡੇ ਦੋਵਾਂ ਦੇਸ਼ਾਂ ਨਾਲ ਸਬੰਧ ਹਨ, ਇਸ ਲਈ ਅਸੀਂ ਚਾਹੁੰਦੇ ਹਾਂ ਕਿ ਭਾਰਤ ਅਤੇ ਪਾਕਿਸਤਾਨ ਦੇ ਰਿਸ਼ਤੇ ਵੀ ਸੁਧਰ ਜਾਣ। ਦਰਅਸਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਾਹਬਾਜ਼ ਸ਼ਰੀਫ ਨੂੰ ਪਾਕਿਸਤਾਨ ਦਾ ਨਵਾਂ ਪ੍ਰਧਾਨ ਮੰਤਰੀ ਬਣਨ 'ਤੇ ਵਧਾਈ ਦਿੱਤੀ ਸੀ। ਮੈਥਿਊ ਮਿਲਰ ਨੂੰ ਇਸ ਨਾਲ ਜੁੜਿਆ ਸਵਾਲ ਪੁੱਛਿਆ ਗਿਆ ਸੀ, ਜਿਸ ਦੇ ਜਵਾਬ 'ਚ ਉਨ੍ਹਾਂ ਕਿਹਾ ਕਿ ਅਮਰੀਕਾ ਭਾਰਤ ਅਤੇ ਪਾਕਿਸਤਾਨ ਵਿਚਾਲੇ ਗੱਲਬਾਤ ਦਾ ਸੁਆਗਤ ਕਰੇਗਾ।

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
*Providing excellent quality legal services to our clients*

HELPING YOU PLAN TODAY...FOR TOMORROW
- *Supervisa / Visitor Insurance*
- *Life /Mortgage/Funeral Insurance*
- *Disability Insurance*
- *Critical Illness Insurance*
- *RESP /RRSP*
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
*Helping you breathe deep and rest easy.*
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਲੇਡੀ ਇੰਸਟਰਕਟਰ
647-998-7500 ਬਲਵਿੰਦਰ

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਆਖਣ ਆਗੂ ਪੰਜਾਬ ਵਿੱਚ ਸ਼ੁਰੂ ਕਰੀਏ,
ਬੀਜਣੀ ਆਪਾਂ ਅਫੀਮ ਦੀ ਫਸਲ ਮੀਆਂ।
ਝਾੜ ਸੋਹਣਾ ਤੇ ਰੇਟ ਵੀ ਬਹੁਤ ਮਿਲਦਾ,
ਕਮਾਈ ਏਸੇ ਤੋਂ ਹੋਣੀ ਹੈ ਅਸਲ ਮੀਆਂ।
ਮਹਿੰਗੇ ਨਸ਼ਿਆਂ ਦਾ ਜਾਊਗਾ ਛੁੱਟ ਪੱਲਾ,
ਛੱਡਿਆ ਜਿਨ੍ਹਾਂ ਪੰਜਾਬ ਨੂੰ ਮਸਲ ਮੀਆਂ।
ਕਮਾਈ ਬਾਪੂਆਂ ਦੀ ਜਾਊਗੀ ਬਚ ਨਾਲੇ,
ਨਾਲੇ ਵਿਗੜਨ ਤੋਂ ਬਚੂਗੀ ਨਸਲ ਮੀਆਂ।
ਆਖਿਆ ਦੂਜਿਆਂ ਕਰੋ ਬਈ ਹੋਸ਼ ਯਾਰੋ,
ਕਬਰ ਨਵੀਂ ਕਿਉਂ ਦੇਣੀ ਹੈ ਪੁੱਟ ਮੀਆਂ।
ਖੱਡੇ ਪਹਿਲੇ ’ਚੋਂ ਕੱਢਣ ਦੀ ਗੱਲ ਕਰਦੇ,
ਡੂੰਘੇ ਖੂਹ ਵਿੱਚ ਦਿਉ ਨਹੀਂ ਸੁੱਟ ਮੀਆਂ।

**ਤੀਸ ਮਾਰ ਖਾਂ**

# ਟਰੰਪ ਨੇ ਅਮਰੀਕੀ ਰਾਸ਼ਟਰਪਤੀ ਨੂੰ ਬਹਿਸ ਦੀ ਦਿੱਤੀ ਚੁਣੌਤੀ



ਵਾਸ਼ਿੰਗਟਨ, 7 ਮਾਰਚ (ਪੋਸਟ ਬਿਊਰੋ): ਅਮਰੀਕਾ 'ਚ ਚੋਣਾਂ ਤੋਂ ਬਾਅਦ ਇਹ ਲਗਭਗ ਸਪੱਸ਼ਟ ਹੋ ਗਿਆ ਹੈ ਕਿ ਹੁਣ ਡੋਨਾਲਡ ਟਰੰਪ ਅਤੇ ਜੋਅ ਬਾਇਡੇਨ ਵਿਚਾਲੇ ਰਾਸ਼ਟਰਪਤੀ ਅਹੁਦੇ ਲਈ ਜ਼ਬਰਦਸਤ ਟੱਕਰ ਹੋਣ ਵਾਲੀ ਹੈ। ਡੋਨਾਲਡ ਟਰੰਪ ਅਤੇ ਜੋ ਬਿਡੇਨ ਨੇ 'ਸੁਪਰ ਟਿਊਜ਼ਡੇਅ' ਮਤਲਬ 5 ਮਾਰਚ ਨੂੰ ਹੋਈਆਂ ਪ੍ਰੀ-ਚੋਣਾਂ 'ਚ ਲਗਭਗ ਕਲੀਨ ਸਵੀਪ ਕਰ ਲਿਆ ਹੈ। ਹੁਣ ਰਿਪ-ਬਲਿਕਨ ਪਾਰਟੀ ਤੋਂ ਟਰੰਪ ਅਤੇ ਡੈਮੋਕ੍ਰੇਟਿਕ ਪਾਰਟੀ ਦੇ ਬਿਡੇਨ ਵਿਚਾਲੇ ਸਖਤ ਮੁਕਾਬਲੇ ਦੀ ਉਮੀਦ ਹੈ। ਇਸ ਦੌਰਾਨ, ਭਰੋਸੇ ਨਾਲ ਭਰੇ ਟਰੰਪ ਨੇ ਇੱਕ ਕਦਮ ਅੱਗੇ ਵਧਾਇਆ ਹੈ ਅਤੇ ਬਿਡੇਨ ਨੂੰ ਬਹਿਸ ਲਈ ਚੁਣੌਤੀ ਦਿੱਤੀ ਹੈ।

ਚੋਣਾਂ ਤੋਂ ਪਹਿਲਾਂ ਰਿਪਬਲਿਕਨ ਪਾਰਟੀ 'ਚ ਟਰੰਪ ਨੂੰ ਚੁਣੌਤੀ ਦੇਣ ਵਾਲੀ ਨਿੱਕੀ ਹੈਲੀ ਨੇ ਰਾਸ਼ਟਰਪਤੀ ਅਹੁਦੇ ਦੀ ਉਮੀਦਵਾਰੀ ਤੋਂ ਹਟ ਗਏ ਹਨ। ਇਸ ਨਾਲ ਟਰੰਪ ਲਈ ਰਾਸ਼ਟਰਪਤੀ ਚੋਣ ਲੜਨ ਦਾ ਰਸਤਾ ਸਾਫ਼ ਹੋ ਗਿਆ ਹੈ। ਇਹ ਲਗਭਗ ਤੈਅ ਹੈ ਕਿ ਨਵੰਬਰ 'ਚ ਹੋਣ ਵਾਲੀਆਂ ਅਮਰੀਕੀ ਰਾਸ਼ਟਰਪਤੀ ਚੋਣਾਂ 'ਚ ਜੋ ਬਿਡੇਨ ਦਾ ਮੁਕਾਬਲਾ ਡੋਨਾਲਡ ਟਰੰਪ ਨਾਲ ਹੋਵੇਗਾ।

ਜੋਅ ਬਾਇਡੇਨ ਨਾਲ ਮੁਕਾਬਲਾ ਤੈਅ ਹੋਣ ਤੋਂ ਬਾਅਦ ਡੋਨਾਲਡ ਟਰੰਪ ਨੇ ਵੀ ਬਿਡੇਨ ਨੂੰ ਬਹਿਸ ਲਈ ਚੁਣੌਤੀ ਦਿੱਤੀ ਹੈ। ਡੋਨਾਲਡ ਟਰੰਪ ਨੇ ਸੋਸ਼ਲ ਮੀਡੀਆ ਪਲੇਟਫਾਰਮ ਟਰੂਥ 'ਤੇ ਸ਼ੇਅਰ ਕੀਤੀ ਇਕ ਪੋਸਟ 'ਚ ਲਿਖਿਆ ਕਿ ਇਹ ਸਾਡੇ ਦੇਸ਼ ਅਤੇ ਲੋਕਾਂ ਲਈ ਚੰਗਾ ਹੋਵੇਗਾ ਜੇਕਰ ਮੈਂ ਅਤੇ ਜੋਅ ਬਿਡੇਨ ਅਮਰੀਕਾ ਲਈ ਮਹੱਤਵਪੂਰਨ ਮੁੱਦਿਆਂ 'ਤੇ ਬਹਿਸ ਕਰਦੇ ਹਾਂ। ਮੈਂ ਕਿਤੇ ਵੀ, ਕਿਸੇ ਵੀ ਸਮੇਂ ਬਹਿਸ ਲਈ ਤਿਆਰ ਹਾਂ।

# ਪੁਤਿਨ ਵਿਰੋਧੀ ਨੇਤਾ ਨਵਲਨੀ ਦੀ ਪਤਨੀ ਦੀ ਵੋਟਰਾਂ ਨੂੰ ਅਪੀਲ: ਚੋਣਾਂ ਦੌਰਾਨ ਬੈਲਟ ਪੇਪਰ ’ਤੇ ਨਵਲਨੀ ਦਾ ਲਿਖਣ ਨਾਮ



ਮਾਸਕੋ, 7 ਮਾਰਚ (ਪੋਸਟ ਬਿਊਰੋ): ਮਰਹੂਮ ਰੂਸੀ ਨੇਤਾ ਅਲੈਕਸੀ ਨਵਲਨੀ ਦੀ ਪਤਨੀ ਯੂਲੀਆ ਨਵਲਨਾਯਾ ਨੇ ਦੇਸ਼ ਦੇ ਲੋਕਾਂ ਨੂੰ ਅਪੀਲ ਜਾਰੀ ਕੀਤੀ ਹੈ। ਯੂਲੀਆ ਨੇ ਕਿਹਾ ਹੈ ਕਿ 17 ਮਾਰਚ ਨੂੰ ਰਾਸ਼ਟਰਪਤੀ ਚੋਣਾਂ ਦੌਰਾਨ ਜਦੋਂ ਲੋਕ ਬੈਲਟ ਪੇਪਰ ਰਾਹੀਂ ਵੋਟ ਪਾਉਣਗੇ ਤਾਂ ਉਨ੍ਹਾਂ ਨੂੰ ਇਸ 'ਤੇ ਅਲੈਕਸੀ ਦਾ ਨਾਂ ਜ਼ਰੂਰ ਲਿਖਣ।

ਯੂਲੀਆ ਨੇ ਸੋਸ਼ਲ ਮੀਡੀਆ 'ਤੇ ਇਕ ਵੀਡੀਓ ਪੋਸਟ ਕੀਤਾ ਹੈ। ਇਸ ਵਿੱਚ ਉਨ੍ਹਾਂ ਨੇ ਰੂਸੀ ਵੋਟਰਾਂ ਨੂੰ ਵੋਟਿੰਗ ਵਾਲੇ ਦਿਨ ਵਿਰੋਧ ਪ੍ਰਦਰਸ਼ਨ ਕਰਨ ਦੀ ਅਪੀਲ ਕੀਤੀ ਹੈ। ਨਵਲਨੀ ਨੂੰ ਰੂਸ ਦੀ ਸਭ ਤੋਂ ਖ਼ਤਰਨਾਕ ਜੇਲ੍ਹ ਪੋਲਰ ਵੂਲਫ਼ ਵਿੱਚ ਕੈਦ ਕੀਤਾ ਗਿਆ ਸੀ। 16 ਫਰਵਰੀ ਨੂੰ ਉਸ ਦੀ ਮੌਤ ਹੋ ਗਈ ਸੀ। ਇਸ ਦਾ ਕੋਈ ਠੋਸ ਕਾਰਨ ਸਾਹਮਣੇ ਨਹੀਂ ਆਇਆ ਹੈ।

ਯੂਲੀਆ ਨੇ ਕਿਹਾ ਕਿ ਜਦੋਂ ਪਿਛਲੇ ਹਫਤੇ ਮੇਰੇ ਪਤੀ ਅਲੈਕਸੀ ਨਵਲਨੀ ਨੂੰ ਦਫਨਾਇਆ ਗਿਆ ਸੀ। ਜਦੋਂ ਉਨ੍ਹਾਂ ਨੂੰ ਅੰਤਿਮ ਵਿਦਾਈ ਦਿੱਤੀ ਗਈ ਤਾਂ ਵੱਡੀ ਗਿਣਤੀ 'ਚ ਲੋਕ ਮੌਜੂਦ ਸਨ। ਇਸ ਤੋਂ ਬਾਅਦ ਮੈਨੂੰ ਕਾਫੀ ਉਮੀਦਾਂ ਹਨ। ਮੈਂ ਚਾਹੁੰਦੀ ਹਾਂ ਕਿ ਅਸੀਂ ਇਕੱਠੇ ਹੋ ਕੇ ਵਿਰੋਧ ਦਰਜ ਕਰਾਈਏ। ਇਸ ਲਈ ਕੋਈ ਜੋਖਮ ਨਹੀਂ ਉਠਾਉਣਾ ਚਾਹੀਦਾ, ਕਿਸੇ ਨੂੰ ਗ੍ਰਿਫਤਾਰ ਨਹੀਂ ਕੀਤਾ ਜਾਣਾ ਚਾਹੀਦਾ। ਲੋਕਾਂ ਨੂੰ ਸਿਰਫ਼ ਇਕੱਠੇ ਹੋ ਕੇ ਏਕਤਾ ਦਿਖਾਉਣੀ ਪਵੇਗੀ।

# ਸੀਰੀਆ ’ਚ ਅੱਤਵਾਦੀ ਹਮਲੇ ’ਚ 18 ਲੋਕਾਂ ਦੀ ਮੌਤ, 50 ਲਾਪਤਾ



ਦਮਿਸ਼ਕ, 7 ਮਾਰਚ (ਪੋਸਟ ਬਿਊਰੋ): ਪੱਛਮੀ ਏਸ਼ੀਆਈ ਦੇਸ਼ ਸੀਰੀਆ 'ਚ ਅੱਤਵਾਦੀਆਂ ਨੇ ਪੂਰਬੀ ਸੀਰੀਆ 'ਚ ਬੁੱਧਵਾਰ ਨੂੰ ਅੱਤਵਾਦੀਆਂ ਨੇ ਪਿੰਡ ਵਾਸੀਆਂ 'ਤੇ ਗੋਲੀਬਾਰੀ ਕੀਤੀ। ਇਸ ਅਚਾਨਕ ਹੋਏ ਹਮਲੇ 'ਚ 18 ਲੋਕਾਂ ਦੇ ਮਾਰੇ ਜਾਣ ਦੀ ਖਬਰ ਹੈ। ਜਦੋਂ ਕਿ ਹਮਲੇ 'ਚ 16 ਲੋਕ ਜ਼ਖਮੀ ਹੋ ਗਏ। ਇਹ ਮਰਨ ਵਾਲਿਆਂ ਦੀ ਗਿਣਤੀ ਵਧ ਸਕਦੀ ਹੈ। ਇਸ ਹਮਲੇ ਤੋਂ ਬਾਅਦ 50 ਲੋਕ ਲਾਪਤਾ ਹੋ ਗਏ ਹਨ। ਪੂਰਬੀ ਸੀਰੀਆ 'ਚ ਅੱਤਵਾਦੀਆਂ ਨੇ ਪਿੰਡ ਦੇ ਲੋਕਾਂ 'ਤੇ ਗੋਲੀਬਾਰੀ ਕਰ ਦਿੱਤੀ ਜੋ ਟ੍ਰਫਲਜ਼ ਇਕੱਠਾ ਕਰ ਰਹੇ ਸਨ।

ਪ੍ਰਾਪਤ ਜਾਣਕਾਰੀ ਅਨੁਸਾਰ ਇਸਲਾਮਿਕ ਸਟੇਟ ਜਾਂ ਆਈ.ਐੱਸ.ਆਈ.ਐੱਸ. ਦੇ ਦਹਿਸ਼ਤਗਰਦਾਂ ਨੇ ਬੁੱਧਵਾਰ ਨੂੰ ਪੂਰਬੀ ਸੀਰੀਆ ਵਿੱਚ ਤੂਤ ਇਕੱਠੀ ਕਰ ਰਹੇ ਪਿੰਡ ਵਾਸੀਆਂ ਉੱਤੇ ਹਮਲਾ ਕੀਤਾ। ਇਸ ਹਮਲੇ 'ਚ 18 ਲੋਕਾਂ ਦੀ ਮੌਤ ਹੋ ਗਈ ਸੀ, ਜਦਕਿ 18 ਲੋਕ ਜ਼ਖਮੀ ਹੋ ਗਏ ਸਨ। ਪਿੰਡ ਵਾਲੇ ਜੋ ਟਰਾਫਲਾਂ ਇਕੱਠੀਆਂ ਕਰ ਰਹੇ ਸਨ, ਉਹ ਇੱਕ ਮੌਸਮੀ ਫਲ ਹੈ ਜੋ ਮਹਿੰਗੇ ਭਾਅ 'ਤੇ ਵੇਚਿਆ ਜਾਂਦਾ ਹੈ। ਸੀਰੀਆ ਵਿੱਚ ਬਹੁਤ ਸਾਰੇ ਲੋਕ ਇਨ੍ਹਾਂ ਨੂੰ ਇਕੱਠਾ ਕਰਨ ਲਈ ਬਾਹਰ ਜਾਂਦੇ ਹਨ, ਕਿਉਂਕਿ ਇੱਥੇ 90 ਫੀਸਦੀ ਆਬਾਦੀ ਗਰੀਬੀ ਰੇਖਾ ਤੋਂ ਹੇਠਾਂ ਹੈ।

ਇਸ ਘਟਨਾ ਬਾਰੇ ਬ੍ਰਿਟੇਨ ਸਥਿਤ ਸੀਰੀਅਨ ਆਬਜ਼ਰਵੇਟਰੀ ਫਾਰ ਹਿਊਮਨ ਰਾਈਟਸ ਨੇ ਕਿਹਾ ਕਿ ਹਮਲੇ 'ਚ ਕਰੀਬ 50 ਲੋਕ ਲਾਪਤਾ ਵੀ ਹਨ। ਖਦਸ਼ਾ ਜਤਾਇਆ ਜਾ ਰਿਹਾ ਹੈ ਕਿ ਉਨ੍ਹਾਂ ਨੂੰ ਆਈਐਸ ਦੇ ਅੱਤਵਾਦੀਆਂ ਨੇ ਅਗਵਾ ਕਰ ਲਿਆ ਹੈ। ਆਬਜ਼ਰਵੇਟਰੀ ਨੇ ਕਿਹਾ ਕਿ ਮਰਨ ਵਾਲਿਆਂ ਵਿੱਚ ਸਰਕਾਰ ਪੱਖੀ ਰਾਸ਼ਟਰੀ ਰੱਖਿਆ ਬਲਾਂ ਦੇ ਚਾਰ ਮੈਂਬਰ ਵੀ ਸ਼ਾਮਿਲ ਹਨ।

# ‘ਹੈਦਰ’ ਟੈਂਕ ਪਾਕਿਸਤਾਨੀ ਫੌਜ ਦੇ ਬੇੜ੍ਹੇ ਵਿਚ ਸ਼ਾਮਿਲ



ਇਸਲਾਮਾਬਾਦ, 7 ਮਾਰਚ (ਪੋਸਟ ਬਿਊਰੋ): ਪਾਕਿਸਤਾਨ ਗਰੀਬੀ ਵਿੱਚ ਹੋਣ ਦੇ ਬਾਵਜੂਦ ਉਹ ਜੰਗੀ ਸਾਜ਼ੋ-ਸਾਮਾਨ 'ਤੇ ਪੈਸਾ ਖਰਚ ਕਰ ਰਿਹਾ ਹੈ। ਇਸ ਦੌਰਾਨ ਬੁੱਧਵਾਰ ਨੂੰ ਪਾਕਿਸਤਾਨੀ ਫੌਜ 'ਚ ਇਕ ਟੈਂਕ ਸ਼ਾਮਿਲ ਕੀਤਾ ਗਿਆ ਹੈ, ਜਿਸ ਦਾ ਨਾਂ 'ਹੈਦਰ' ਟੈਂਕ ਹੈ। ਇਸ ਦਾ ਐਲਾਨ ਪਾਕਿਸਤਾਨ ਦੇ ਫੌਜ ਮੁਖੀ ਜਨਰਲ ਅਸੀਮ ਮੁਨੀਰ ਅਤੇ ਚੀਨੀ ਰਾਜਦੂਤ ਦੀ ਮੌਜੂਦਗੀ ਵਿੱਚ ਕੀਤਾ ਗਿਆ।

ਹੈਦਰ ਹੈਵੀ ਇੰਡਸਟਰੀਜ਼ ਤਕਸ਼ਸ਼ੀਲਾ ਪੰਜਾਬ ਵਿਖੇ ਟੈਂਕ (ਪਾਇਲਟ ਪ੍ਰੋਜੈਕਟ) ਦੇ ਰੋਲਆਊਟ ਸਮਾਰੋਹ ਵਿੱਚ ਪਹੁੰਚਿਆ। ਇਸ ਸਬੰਧ ਵਿਚ ਇੰਟਰ-ਸਰਵਿਸਜ਼ ਪਬਲਿਕ ਰਿਲੇਸ਼ਨਜ਼ (ਆਈ.ਐਸ.ਪੀ.ਆਰ.) ਨੇ ਬਿਆਨ ਵਿਚ ਕਿਹਾ ਕਿ ਇਹ ਰੱਖਿਆ ਖੇਤਰ ਵਿਚ ਪਾਕਿਸਤਾਨ ਦੇ ਸਵਦੇਸ਼ੀਕਰਨ ਦੀਆਂ ਕੋਸ਼ਿਸ਼ਾਂ ਵਿਚ ਇਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਵੇਗਾ। ਪਾਕਿਸਤਾਨ ਦੇ ਹੈਦਰ ਟੈਂਕ ਨੂੰ ਭਾਰਤ ਦੇ ਟੀ-90 ਟੈਂਕ ਨਾਲ ਮੁਕਾਬਲਾ ਕਰਨ ਲਈ ਹਥਿਆਰ ਮੰਨਿਆ ਜਾ ਰਿਹਾ ਹੈ।

ਪਾਕਿਸਤਾਨੀ ਫੌਜ ਮੁਖੀ ਦੇ ਨਾਲ-ਨਾਲ ਚੀਨੀ ਰਾਜਦੂਤ ਅਤੇ ਚੀਨੀ ਸਰਕਾਰੀ ਕੰਪਨੀ ਨੋਰਿੰਕੋ ਦੇ ਅਧਿਕਾਰੀਆਂ ਨੇ ਵੀ ਇਸ ਸਮਾਗਮ ਵਿੱਚ ਹਿੱਸਾ ਲਿਆ। ਹੈਦਰ ਟੈਂਕ ਚੀਨ ਅਤੇ ਪਾਕਿਸਤਾਨ ਵਿਚਾਲੇ ਸਹਿਯੋਗੀ ਯਤਨਾਂ ਦਾ ਉਤਪਾਦ ਹੈ। ਆਈਐਸਪੀਆਰ ਦੇ ਮੁਤਾਬਕ ਹੈਦਰ ਟੈਂਕ ਲੜਾਕੂ ਸਮਰੱਥਾ ਵਿੱਚ ਵੱਡੀ ਧਾਰ ਬਣਾਈ ਰੱਖਣ ਵਿੱਚ ਸਮਰੱਥ ਹੈ। ਇਹ ਅਤਿ-ਆਧੁਨਿਕ ਤਕਨੀਕ ਨਾਲ ਬਣਿਆ ਹੈ।

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਪਾਕਿਸਤਾਨ ਦੀ ਅਦਿਆਲਾ ਜੇਲ੍ਹ ’ਚ ਹਥਿਆਰਾਂ ਅਤੇ ਗ੍ਰਨੇਡਾਂ ਨਾਲ ਦਾਖ਼ਲ ਹੋਏ 3 ਅੱਤਵਾਦੀ, ਪੁਲਿਸ ਨੇ ਕੀਤੇ ਗ੍ਰਿਫਤਾਰ, ਇਮਰਾਨ ਵੀ ਇਸੇ ਜੇਲ੍ਹ ਚ ਬੰਦ



ਇਸਲਾਮਾਬਾਦ, 7 ਮਾਰਚ (ਪੋਸਟ ਬਿਊਰੋ): ਪਾਕਿਸਤਾਨ ਦੀ ਅਦਿਆਲਾ ਜੇਲ 'ਚ ਬੁੱਧਵਾਰ ਰਾਤ ਨੂੰ ਅੱਤਵਾਦੀ ਹਮਲੇ ਦੀ ਕੋਸ਼ਿਸ਼ ਕੀਤੀ ਗਈ। ਇਹ ਉਹੀ ਜੇਲ੍ਹ ਹੈ ਜਿੱਥੇ ਸਾਬਕਾ ਪ੍ਰਧਾਨ ਮੰਤਰੀ ਅਤੇ ਪੀਟੀਆਈ ਨੇਤਾ ਇਮਰਾਨ ਖਾਨ ਕੈਦ ਹਨ। ਜਾਣਕਾਰੀ ਮੁਤਾਬਕ ਅਫਗਾਨਿਸਤਾਨ ਤੋਂ 3 ਅੱਤਵਾਦੀਆਂ ਨੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ।

ਹਾਲਾਂਕਿ, ਪੁਲਿਸ ਅਤੇ ਅੱਤਵਾਦ ਰੋਕੂ ਵਿਭਾਗ (ਸੀਟੀਡੀ) ਨੇ ਮਿਲ ਕੇ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ। ਰਾਵਲਪਿੰਡੀ ਪੁਲਿਸ ਅਨੁਸਾਰ ਸੀਟੀਡੀ ਨੇ ਤਿੰਨਾਂ ਅੱਤਵਾਦੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਅੱਤਵਾਦੀਆਂ ਕੋਲੋਂ ਕਈ ਹਥਿਆਰ, ਗ੍ਰਨੇਡ, ਆਈਈਡੀ ਅਤੇ ਜੇਲ੍ਹ ਦਾ ਨਕਸ਼ਾ ਬਰਾਮਦ ਹੋਇਆ ਹੈ।

ਪੁਲਿਸ ਮੁਖੀ ਸਈਅਦ ਖਾਲਿਦ ਹਮਦਾਨੀ ਨੇ ਦੱਸਿਆ ਕਿ ਪੁਲਿਸ ਅਤੇ ਹੋਰ ਏਜੰਸੀਆਂ ਮਿਲ ਕੇ ਜੇਲ੍ਹ ਦੇ ਆਲੇ-ਦੁਆਲੇ ਦੇ ਇਲਾਕੇ ਵਿੱਚ ਤਲਾਸ਼ੀ ਮੁਹਿੰਮ ਚਲਾ ਰਹੀਆਂ ਹਨ। ਇਮਰਾਨ ਖਾਨ ਤੋਂ ਇਲਾਵਾ ਪਾਕਿਸਤਾਨ ਦੇ ਸਾਬਕਾ ਵਿਦੇਸ਼ ਮੰਤਰੀ ਸ਼ਾਹ ਮਹਿਮੂਦ ਕੁਰੈਸ਼ੀ ਵੀ ਇਸ ਜੇਲ 'ਚ ਕੈਦ ਹਨ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

# ਉੱਤਰ ਪ੍ਰਦੇਸ਼ ਵਿਚ ਭਾਜਪਾ ਆਗੂ ਪ੍ਰਮੋਦ ਯਾਦਵ ਦਾ ਕਤਲ



ਜੌਨਪੁਰ, 7 ਮਾਰਚ (ਪੋਸਟ ਬਿਊਰੋ): ਉੱਤਰ ਪ੍ਰਦੇਸ਼ ਦੇ ਜੌਨਪੁਰ ਜ਼ਿਲ੍ਹੇ ਦੇ ਪਿੰਡ ਬੋਧਾਪੁਰ ਦੇ ਰਹਿਣ ਵਾਲੇ ਭਾਜਪਾ ਕਿਸਾਨ ਮੋਰਚਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਪ੍ਰਮੋਦ ਯਾਦਵ (55) ਅਤੇ ਭਾਜਪਾ ਦੀ ਟਿਕਟ 'ਤੇ ਮਲਹਾਣੀ ਤੋਂ ਦੋ ਵਾਰ ਵਿਧਾਨ ਸਭਾ ਚੋਣ ਲੜ ਚੁੱਕੇ ਆਗੂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਇਸ ਸਮੇਂ ਉਹ ਭਾਜਪਾ ਸੰਗਠਨ ਦੇ ਜ਼ਿਲ੍ਹਾ ਜਨਰਲ ਸਕੱਤਰ ਸਨ। ਘਟਨਾ ਨੂੰ ਲੈ ਕੇ ਇਲਾਕੇ 'ਚ ਸਨਸਨੀ ਫੈਲ ਗਈ ਹੈ। ਪ੍ਰਮੋਦ ਯਾਦਵ ਨੂੰ ਵੀਰਵਾਰ ਸਵੇਰੇ ਉਨ੍ਹਾਂ ਦੇ ਘਰ ਦੇ ਬਾਹਰ ਅਣਪਛਾਤੇ ਬਦਮਾਸ਼ਾਂ ਨੇ ਗੋਲੀ ਮਾਰ ਦਿੱਤੀ। ਬਦਮਾਸ਼ਾਂ ਨੇ ਉਸ ਨੂੰ ਤਿੰਨ ਗੋਲੀਆਂ ਮਾਰੀਆਂ ਅਤੇ ਮੌਕੇ ਤੋਂ ਕੁਝ ਦੂਰ ਬਾਈਕ ਛੱਡ ਕੇ ਫਰਾਰ ਹੋ ਗਏ। ਜਦੋਂਕਿ ਪ੍ਰਮੋਦ ਦੀ ਜ਼ਿਲ੍ਹਾ ਹਸਪਤਾਲ ਲਿਜਾਂਦੇ ਸਮੇਂ ਰਸਤੇ ਵਿੱਚ ਮੌਤ ਹੋ ਗਈ। ਪੁਲਸ ਨੇ ਮੌਕੇ 'ਤੇ ਮੌਜੂਦ ਲੁਟੇਰਿਆਂ ਦੇ ਮੋਟਰਸਾਈਕਲ ਨੂੰ ਕਬਜ਼ੇ 'ਚ ਲੈ ਲਿਆ ਹੈ ਅਤੇ ਜਾਂਚ 'ਚ ਜੁਟੀ ਹੈ।

ਮੌਕੇ 'ਤੇ ਹਫੜਾ-ਦਫੜੀ ਦਾ ਮਾਹੌਲ ਬਣ ਗਿਆ। ਭਾਜਪਾ ਆਗੂ ਦੇ ਕਤਲ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਮਹਿਕਮੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਪੁਲਸ ਟੀਮ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਜਾਂਚ ਕਰ ਰਹੀ ਹੈ। ਪ੍ਰਮੋਦ ਯਾਦਵ ਭਾਜਪਾ ਕਿਸਾਨ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਸਨ।

# ਪੰਜਾਬ ਸਿਹਤ ਵਿਭਾਗ 10 ਮਾਰਚ ਤੋਂ ਮਨਾਏਗਾ 'ਗਲੋਕੋਮਾ ਹਫ਼ਤਾ': ਜਾਗਰੂਕਤਾ ਪੋਸਟਰ ਜਾਰੀ

## ਗਲੋਕੋਮਾ ਦੀ ਰੋਕਥਾਮ ਲਈ ਸਮਾਂ ਰਹਿੰਦਿਆਂ ਜਾਂਚ ਅਤੇ ਇਲਾਜ ਜ਼ਰੂਰੀ : ਡਾ ਬਲਬੀਰ ਸਿੰਘ

ਚੰਡੀਗੜ੍ਹ, 7 ਮਾਰਚ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਸੁਪਨੇ ਨੂੰ ਅੱਗੇ ਵਧਾਉਂਦੇ ਹੋਏ ਪੰਜਾਬ ਸਿਹਤ ਵਿਭਾਗ ਵੱਲੋਂ 10 ਮਾਰਚ ਤੋਂ 16 ਮਾਰਚ, 2024 ਤੱਕ 'ਵਿਸ਼ਵ ਗਲੋਕੋਮਾ ਹਫ਼ਤਾ' ਮਨਾਇਆ ਜਾਵੇਗਾ। ਇਹ ਜਾਣਕਾਰੀ ਵੀਰਵਾਰ ਨੂੰ ਇੱਥੇ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ ਦਿੱਤੀ।

ਮੰਤਰੀ ਨੇ ਇਸ ਸਬੰਧੀ ਜਾਗਰੂਕਤਾ ਪੋਸਟਰ ਜਾਰੀ ਕਰਦਿਆਂ ਦੱਸਿਆ ਕਿ ਇਸ ਮੁਹਿੰਮ ਦੇ ਹਿੱਸੇ ਵਜੋਂ ਪੰਜਾਬ ਸਿਹਤ ਵਿਭਾਗ ਵੱਲੋਂ ਇਸ ਹਫ਼ਤੇ ਦੌਰਾਨ ਜ਼ਿਲ੍ਹਾ ਹਸਪਤਾਲਾਂ, ਸਬ-ਡਵੀਜ਼ਨਲ ਹਸਪਤਾਲਾਂ ਅਤੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਮੁਫ਼ਤ ਗਲੋਕੋਮਾ ਜਾਂਚ ਕੈਂਪ ਲਗਾਏ ਜਾਣਗੇ ਤਾਂ ਜੋ ਗਲੋਕੋਮਾ ਤੋਂ ਪੀੜਤ ਲੋਕਾਂ ਦੀ ਪਛਾਣ ਕੀਤੀ ਜਾ ਸਕੇ ਅਤੇ ਸਮਾਂ ਰਹਿੰਦਿਆਂ ਇਸ ਰੋਗ ਦਾ ਇਲਾਜ ਕੀਤਾ ਜਾ ਸਕੇ।

ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਸੂਬੇ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਇਹ ਜਾਗਰੂਕਤਾ ਪੋਸਟਰ ਵੰਡਣ ਲਈ ਕਿਹਾ ਤਾਂ ਜੋ ਲੋਕਾਂ ਨੂੰ ਗਲੋਕੋਮਾ ਦੇ ਲੱਛਣਾਂ ਅਤੇ ਇਲਾਜ ਬਾਰੇ ਜਾਗਰੂਕ ਕੀਤਾ ਜਾ ਸਕੇ।

ਰਾਜ ਦੇ ਸਿਹਤ ਢਾਂਚੇ ਦਾ ਕਾਇਆ- ਕਲਪ ਕਰਨ ਦੇ ਮੱਦੇਨਜ਼ਰ ਪੰਜਾਬ ਸਰਕਾਰ ਦੇ ਅਹਿਦ ਨੂੰ ਦੁਹਰਾਉਂਦੇ ਹੋਏ ਡਾ. ਬਲਬੀਰ ਸਿੰਘ ਨੇ ਕਿਹਾ ਕਿ ਗਲੋਕੋਮਾ ਦਾ ਪਤਾ ਲਗਾਉਣ ਲਈ ਛੇ ਅਤਿ-ਆਧੁਨਿਕ ਮਸ਼ੀਨਾਂ (ਨਾਨ-ਕਾਂਟੈਕਟ ਟੋਨੋਮੀਟਰ) ਪੰਜਾਬ ਦੇ ਛੇ ਜ਼ਿਲ੍ਹਾ ਹਸਪਤਾਲਾਂ ਵਿੱਚ ਪਹਿਲਾਂ ਹੀ ਸਥਾਪਤ ਕੀਤੀਆਂ ਜਾ ਚੁੱਕੀਆਂ ਹਨ, ਜਦਕਿ ਬਾਕੀ ਜ਼ਿਲ੍ਹਿਆਂ ਵਿੱਚ ਅਜਿਹੀਆਂ ਹੋਰ ਮਸ਼ੀਨਾ ਮੁਹੱਈਆ ਕਰਵਾਈਆਂ ਜਾ ਰਹੀਆ ਹਨ।

ਡਾ: ਬਲਬੀਰ ਸਿੰਘ, ਜੋ ਕਿ ਖੁਦ ਅੱਖਾਂ ਦੇ ਸਰਜਨ ਹਨ, ਨੇ ਕਿਹਾ ਕਿ ਮੋਤੀਆ ਦੁਨੀਆ ਵਿਚ ਇਰਵਰਸੀਬਲ ਬਲਾਈਂਡਨੈੱਸ ਦਾ ਸਭ ਤੋਂ ਵੱਡਾ ਕਾਰਨ ਹੈ। 90 ਪ੍ਰਤੀਸ਼ਤ ਮਾਮਲਿਆਂ ਵਿੱਚ, ਗਲੋਕੋਮਾ ਦੇ ਕਾਰਨ ਹੋਣ ਵਾਲੇ ਅੰਨ੍ਹੇਪਣ ਨੂੰ ਜਲਦ ਪਛਾਣ ਕੇ ਅਤੇ ਢੁਕਵਾਂ ਇਲਾਜ ਕਰਕੇ ਰੋਕਿਆ ਜਾ ਸਕਦਾ ਹੈ। ਇਹ ,ਅੱਖ ਦੇ ਦਬਾਅ (ਇੰਟਰਾ-ਓਕੂਲਰ ਪ੍ਰੈਸ਼ਰ) ਵਿੱਚ ਵਾਧੇ ਦੇ ਕਾਰਨ ਆਪਟਿਕ ਨਰਵ ਨੂੰ ਹੋਏ ਨੁਕਸਾਨ ਦੀ ਵਜਾਅ ਨਾਲ ਹੁੰਦਾ ਹੈ। ਗਲੋਕੋਮਾ ਨੂੰ ਕਈ ਵਾਰ ਨਜ਼ਰ ਦਾ ਇੱਕ 'ਸਾਈਲੈਂਟ ਥੀਫ' ਵੀ ਕਿਹਾ ਜਾਂਦਾ ਹੈ ਕਿਉਂਕਿ ਇਹ ਸ਼ੁਰੂਆਤੀ ਲੱਛਣਾਂ ਨੂੰ ਦਿਖਾਏ ਬਿਨਾਂ ਮਰੀਜ਼ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਾ ਸਕਦਾ ਹੈ। ਮਰੀਜ਼ ਉਦੋਂ ਤੱਕ ਲੱਛਣ ਨਜ਼ਰ ਨਹੀਂ ਆਉਂਦੇ ਜਦੋਂ ਤੱਕ ਬਿਮਾਰੀ ਮੱਧਮ ਜਾਂ ਐਡਵਾਂਸ ਪੜਾਅ ਤੱਕ ਨਹੀਂ ਪਹੁੰਚ ਜਾਂਦੀ।

ਬਲਬੀਰ ਸਿੰਘ ਨੇ ਅੱਗੇ ਕਿਹਾ, "ਕਿਸੇ ਵੀ ਵਿਅਕਤੀ ਨੂੰ ਗਲੋਕੋਮਾ ਹੋ ਸਕਦਾ ਹੈ ਪਰ ਕੁਝ ਲੋਕਾਂ ਨੂੰ ਵਧੇਰੇ ਖਤਰਾ ਹੁੰਦਾ ਹੈ ਜਿਵੇਂ ਕਿ 60 ਸਾਲ ਤੋਂ ਵੱਧ ਉਮਰ, ਪਰਿਵਾਰਕ ਇਤਿਹਾਸ, ਡਾਕਟਰੀ ਸਥਿਤੀਆਂ ਜਿਵੇਂ ਕਿ ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਮਾਈਓਪੀਆ, ਕੋਰਟੀਕੋਸਟੀਰੋਇਡ ਤਿਆਰੀਆਂ ਖਾਸ ਕਰਕੇ ਲੰਬੇ ਸਮੇਂ ਤੱਕ ਅੱਖਾਂ ਦੀ ਦਵਾਈ ਪਾਉਣ ਵਾਲੇ ਵਿਅਕਤੀ। ਅੱਖ ਦੀ ਸੱਟ ਦੇ ਨਤੀਜੇ ਵਜੋਂ ਵੀ ਗਲੋਕੋਮਾ ਹੋ ਸਕਦਾ ਹੈ। ਸ਼ੁਰੂਆਤੀ ਖੋਜ ਅਤੇ ਸਾਵਧਾਨੀ ਨਾਲ ਇਲਾਜ ਕਰਵਾਉਣ ਨਾਲ ਜ਼ਿਆਦਾਤਰ ਲੋਕਾਂ ਦੀ ਨਜ਼ਰ ਨੂੰ ਬਰਕਰਾਰ ਰੱਖਿਆ ਜਾ ਸਕਦਾ ਹੈ।"



ਜ਼ਿਕਰਯੋਗ ਹੈ ਕਿ ਲਗਭਗ 12 ਮਿਲੀਅਨ ਭਾਰਤੀ ਇਸ ਬਿਮਾਰੀ ਤੋਂ ਪੀੜਤ ਹਨ ਅਤੇ 1.2 ਮਿਲੀਅਨ ਇਸ ਕਾਰਨ ਅੰਨ੍ਹੇਪਣ ਦਾ ਸ਼ਿਕਾਰ ਹੋਏ ਹਨ। ਇਸ ਲਈ ਜੋਖਮ ਵਾਲੇ ਲੋਕਾਂ ਅਤੇ 40 ਸਾਲ ਤੋਂ ਵੱਧ ਉਮਰ ਦੇ ਲੋਕਾਂ ਨੂੰ ਹਰ ਦੋ ਤੋਂ ਤਿੰਨ ਸਾਲ ਬਾਅਦ ਅੱਖਾਂ ਦੀ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ 65 ਸਾਲ ਤੋਂ ਵੱਧ ਉਮਰ ਦੇ ਲੋਕਾਂ ਨੂੰ ਹਰ ਛੇ ਮਹੀਨੇ ਬਾਅਦ ਅੱਖਾਂ ਦੀ ਜਾਂਚ ਕਰਵਾਉਣੀ ਚਾਹੀਦੀ ਹੈ।

ਗਲੋਕੋਮਾ ਪ੍ਰਬੰਧਨ ਵਿੱਚ ਗੰਭੀਰ ਚੁਣੌਤੀਆਂ ਹਨ ਜਿਵੇਂ: ਜਾਗਰੂਕਤਾ ਦੀ ਘਾਟ, ਅਣਪਛਾਤੇ ਅਤੇ ਇਲਾਜ ਵਿਹੂਣੇ ਮਾਮਲੇ, ਗਲੋਕੋਮਾ ਡਾਇਗਨੌਸਟਿਕ ਅਤੇ ਇਲਾਜ ਸੇਵਾਵਾਂ ਤੱਕ ਮਾੜੀ ਪਹੁੰਚ ਅਤੇ ਇਲਾਜ ਦੀ ਪਾਲਣਾ ਨਾਲ ਸਬੰਧਤ ਕਈ ਮੁੱਦੇ।

ਮੰਤਰੀ ਨੇ ਕਿਹਾ ਕਿ ਸਿਹਤ ਵਿਭਾਗ ਐੱਨ.ਪੀ.ਸੀ.ਬੀ.ਐਂਡ.ਵੀ.ਆਈ. ਦੇ ਤਹਿਤ ਆਈਈਸੀ ਗਤੀਵਿਧੀਆਂ ਦੀ ਇੱਕ ਲੜੀਬੱਧ ਯੋਜਨਾ ਬਣਾ ਰਿਹਾ ਹੈ ਤਾਂ ਜੋ ਲੋਕਾਂ ਵਿੱਚ ਮੋਤੀਆ ਦੀ ਰੋਕਥਾਮ ਅਤੇ ਨਿਯੰਤਰਣ ਬਾਰੇ ਜਾਗਰੂਕਤਾ ਪੈਦਾ ਕੀਤੀ ਜਾ ਸਕੇ, ਜਿਸ ਵਿੱਚ ਸਕੂਲਾਂ ਵਿੱਚ ਰੇਡੀਓ ਭਾਸ਼ਣ, ਜਾਗਰੂਕਤਾ ਭਾਸ਼ਣ/ਸੀਐਮਈ, ਨੁੱਕੜ ਨਾਟਕ, ਜਾਗਰੂਕਤਾ ਰੈਲੀਆਂ, ਭਾਸ਼ਣ, ਪੇਂਟਿੰਗ ਮੁਕਾਬਲੇ , ਵਾਕਾਥਨ ਅਤੇ ਸੋਸ਼ਲ ਮੀਡੀਆ ਮੁਹਿੰਮਾਂ ਸ਼ਾਮਲ ਹਨ।

ਇਸ ਦੌਰਾਨ ਮੰਤਰੀ ਨੇ ਆਮ ਲੋਕਾਂ ਨੂੰ ਇਸ ਹਫ਼ਤੇ ਲਗਾਏ ਜਾਣ ਵਾਲੇ ਮੁਫ਼ਤ ਜਾਂਚ ਕੈਂਪ ਵਿੱਚ ਆਪਣੀਆਂ ਅੱਖਾਂ ਦੀ ਜਾਂਚ ਕਰਵਾਉਣ ਅਤੇ ਗਕੋਮਾ ਦੀ ਰੋਕਥਾਮ ਲਈ ਯੋਗਦਾਨ ਪਾਉਣ ਲਈ ਵੀ ਪ੍ਰੇਰਿਤ ਕੀਤਾ।

ਇਸ ਮੌਕੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਡਾ: ਆਦਰਸ਼ਪਾਲ ਕੌਰ ਅਤੇ ਸਟੇਟ ਪ੍ਰੋਗਰਾਮ ਅਫ਼ਸਰ ਐਨ.ਪੀ.ਸੀ.ਬੀ. ਅਤੇ ਵੀਆਈ ਡਾ: ਨੀਤੀ ਸਿੰਗਲਾ ਵੀ ਹਾਜ਼ਰ ਸਨ ।






ਕੈਨੇਡੀਅਨ ਪੰਜਾਬੀ ਪੋਸਟ — Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.
7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.






## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013





**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**


## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664




# ਮੁੱਖ ਮੰਤਰੀ ਨੇ ਹੁਣ ਤੱਕ ਦੇ ਸਭ ਤੋਂ ਵੱਡੇ ਨਿਯੁਕਤੀ ਪੱਤਰ ਵੰਡ ਸਮਾਰੋਹ ਦੌਰਾਨ 2487 ਨੌਜਵਾਨਾਂ ਨੂੰ ਸੌਂਪੇ ਨਿਯੁਕਤੀ ਪੱਤਰ

## * ਦੋ ਸਾਲਾਂ ਵਿੱਚ ਲਗਭਗ 43,000 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ *ਸੂਬਾ ਸਰਕਾਰ ਦੇ 'ਮਿਸ਼ਨ ਰੋਜ਼ਗਾਰ' ਦੇ ਸਦਕਾ ਪੰਜਾਬ ਦੇ ਨੌਜਵਾਨਾਂ ਵਿੱਚ 'ਵਤਨ ਵਾਪਸੀ' ਦਾ ਦੌਰ ਸ਼ੁਰੂ ਹੋਇਆ

ਸੰਗਰੂਰ, 7 ਮਾਰਚ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਥੇ ਹੁਣ ਤੱਕ ਦੇ ਸਭ ਤੋਂ ਵੱਡੇ ਨਿਯੁਕਤੀ ਪੱਤਰ ਵੰਡ ਸਮਾਰੋਹ ਦੌਰਾਨ 2487 ਨੌਜਵਾਨਾਂ ਨੂੰ ਸਰਕਾਰੀ ਨੌਕਰੀ ਲਈ ਨਿਯੁਕਤੀ ਪੱਤਰ ਸੌਂਪੇ ਜਿਸ ਨਾਲ ਪਿਛਲੇ ਦੋ ਸਾਲਾਂ ਵਿੱਚ ਲਗਭਗ 43000 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ।

ਸੰਗਰੂਰ ਵਿੱਚ ਲੱਡਾ ਕੋਠੀ ਵਿਖੇ 2487 ਨੌਜਵਾਨਾਂ ਨੂੰ ਨੌਕਰੀ ਪੱਤਰ ਸੌਂਪਣ ਲਈ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਵਿੱਚੋਂ 1750 ਨੌਜਵਾਨਾਂ ਨੂੰ ਗ੍ਰਹਿ ਵਿਭਾਗ, 205 ਨੂੰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ, 39 ਨੂੰ ਮਾਲ ਵਿਭਾਗ, 60 ਨੂੰ ਆਬਕਾਰੀ ਵਿਭਾਗ, 421 ਨੂੰ ਸਥਾਨਕ ਸਰਕਾਰਾਂ ਵਿਭਾਗ, ਚਾਰ ਨੌਜਵਾਨਾਂ ਨੂੰ ਸਹਿਕਾਰਤਾ ਵਿਭਾਗ ਵਿੱਚ ਅਤੇ ਅੱਠ ਨੌਜਵਾਨਾਂ ਨੂੰ ਤਕਨੀਕੀ ਸਿੱਖਿਆ ਵਿਭਾਗ ਵਿੱਚ ਭਰਤੀ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਸਰਕਾਰੀ ਨੌਕਰੀ ਦਾ ਮਤਲਬ ਪੂਰੇ ਪਰਿਵਾਰ ਦੇ ਜੀਵਨ ਜਿਊਣ ਦੇ ਸਲੀਕੇ ਵਿੱਚ ਗੁਣਾਤਮਕ ਤਬਦੀਲੀ ਆ ਜਾਂਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ 16 ਮਾਰਚ, 2022 ਨੂੰ ਆਪਣਾ ਅਹੁਦਾ ਸੰਭਾਲਿਆ ਸੀ ਅਤੇ ਉਦੋਂ ਤੋਂ ਹੀ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਦਾ ਸਿਲਸਿਲਾ ਸ਼ੁਰੂ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਪਹਿਲਾਂ ਭ੍ਰਿਸ਼ਟਾਚਾਰ ਜਾਂ ਭਾਈ-ਭਤੀਜਾਵਾਦ ਰਾਹੀਂ ਨੌਕਰੀਆਂ ਦਿੱਤੀਆਂ ਜਾਂਦੀਆਂ ਸਨ ਪਰ ਹੁਣ ਨੌਕਰੀਆਂ ਸਿਰਫ ਤੇ ਸਿਰਫ ਮੈਰਿਟ ਦੇ ਆਧਾਰ 'ਤੇ ਦਿੱਤੀਆਂ ਜਾਂਦੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ 'ਮਿਸ਼ਨ ਰੋਜ਼ਗਾਰ' ਨਾਲ ਨੌਜਵਾਨਾਂ ਦੇ ਮਨਾਂ ਵਿੱਚ ਪੈਦਾ ਹੋਈ ਨਕਾਰਾਤਮਕ ਭਾਵਨਾ ਦੂਰ ਕਰਨ ਵਿੱਚ ਮਦਦ ਮਿਲੀ ਹੈ ਜਿਸ ਕਾਰਨ ਉਨ੍ਹਾਂ ਨੇ ਹੁਣ ਵਿਦੇਸ਼ ਜਾਣ ਦਾ ਵਿਚਾਰ ਤਿਆਗ ਦਿੱਤਾ ਹੈ ਅਤੇ ਉਲਟਾ ਵਿਦੇਸ਼ ਗਏ ਪੰਜਾਬ ਦੇ ਨੌਜਵਾਨਾਂ ਵਿੱਚ 'ਵਤਨ ਵਾਪਸੀ' ਦਾ ਦੌਰ ਸ਼ੁਰੂ ਹੋ ਗਿਆ ਹੈ। ਉਨ੍ਹਾਂ ਕਿਹਾ, "ਜੇਕਰ ਦੋ ਸਾਲਾਂ ਵਿੱਚ 43,000 ਦੇ ਕਰੀਬ ਨੌਕਰੀਆਂ ਦਿੱਤੀਆਂ ਜਾ ਸਕਦੀਆਂ ਹਨ ਤਾਂ ਸਵਾਲ ਪੈਦਾ ਹੁੰਦਾ ਹੈ ਕਿ ਨੌਜਵਾਨਾਂ ਦੀ ਭਲਾਈ ਲਈ ਪਿਛਲੇ 75 ਸਾਲਾਂ ਵਿੱਚ ਅਜਿਹਾ ਕਿਉਂ ਨਹੀਂ ਕੀਤਾ ਗਿਆ। ਮੈਂ ਸਿਸਟਮ ਨੂੰ ਸੁਧਾਰਨ ਅਤੇ ਸੂਬੇ ਦੇ ਵਿਕਾਸ ਵਿੱਚ ਨੌਜਵਾਨ ਵਰਗ ਨੂੰ ਸਰਗਰਮ ਭਾਈਵਾਲ ਬਣਾਉਣ ਦੇ ਰਾਹ ਉਤੇ ਤੁਰਿਆ ਹੋਇਆ ਹਾਂ।"

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵਿਭਾਗਾਂ ਵਿੱਚ ਖਾਲੀ ਹੁੰਦੇ ਸਾਰ ਹੀ ਸਾਰੀਆਂ ਅਸਾਮੀਆਂ ਭਰ ਦਿੰਦੀ ਹੈ ਤਾਂ ਕਿ ਨੌਜਵਾਨਾਂ ਨੂੰ ਰੋਜ਼ਗਾਰ ਹਾਸਲ ਹੋ ਸਕੇ। ਉਨ੍ਹਾਂ ਕਿਹਾ ਕਿ ਪੂਰੀ ਭਰਤੀ ਪ੍ਰਕਿਰਿਆ ਲਈ ਇੱਕ ਠੋਸ ਵਿਧੀ ਅਪਣਾਈ ਗਈ ਹੈ ਜਿਸ ਕਾਰਨ ਇਨ੍ਹਾਂ 43,000 ਦੇ ਕਰੀਬ ਨੌਕਰੀਆਂ ਵਿੱਚੋਂ ਇੱਕ ਵੀ ਨਿਯੁਕਤੀ ਨੂੰ ਹੁਣ ਤੱਕ ਕਿਸੇ ਵੀ ਅਦਾਲਤ ਵਿੱਚ ਚੁਣੌਤੀ ਦਾ ਸਾਹਮਣਾ ਨਹੀਂ ਕਰਨਾ ਪਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਲਈ ਇਹ ਮਾਣ ਵਾਲੀ ਗੱਲ ਹੈ ਕਿ ਇਨ੍ਹਾਂ ਨੌਜਵਾਨਾਂ ਨੂੰ ਪੂਰੀ ਤਰ੍ਹਾਂ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।

ਮੁੱਖ ਮੰਤਰੀ ਨੇ ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਆਪਣੇ ਅਹੁਦੇ ਦੀ ਵਰਤੋਂ ਵੱਧ ਤੋਂ ਵੱਧ ਲੋਕਾਂ ਦੀ ਭਲਾਈ ਲਈ ਕਰਨ ਦਾ ਸੱਦਾ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਕੰਮਕਾਜ ਲਈ ਆਉਂਦੇ ਲੋਕਾਂ ਨੂੰ ਤੰਗ-ਪ੍ਰੇਸ਼ਾਨ ਕਰਨ ਦੀ ਬਜਾਏ ਇਨਸਾਫ ਦਿਵਾਉਣ ਦੀ ਭਾਵਨਾ ਨਾਲ ਕੰਮ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਜਿਸ ਲਈ ਵੱਡੇ ਯਤਨ ਕੀਤੇ ਜਾ ਰਹੇ ਹਨ। ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਆਪਣੀ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।



ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਪੜ੍ਹਾਈ ਲਈ ਢੁਕਵਾਂ ਮੰਚ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਵੱਲੋਂ ਸੂਬਾ ਭਰ ਵਿੱਚ ਬਣਾਈਆਂ ਜਾ ਰਹੀਆਂ ਸਾਰੀਆਂ ਲਾਇਬ੍ਰੇਰੀਆਂ ਵਿੱਚ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਲੋੜੀਂਦੀਆਂ ਪੁਸਤਕਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਕਦਮ ਦਾ ਉਦੇਸ਼ ਨੌਜਵਾਨਾਂ ਨੂੰ ਗਿਆਨ ਅਤੇ ਸ਼ਕਤੀ ਨਾਲ ਲੈਸ ਕਰਨਾ ਹੈ ਤਾਂ ਜੋ ਉਹ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਮਲ ਹੋ ਕੇ ਸ਼ਾਨਦਾਰ ਪ੍ਰਦਰਸ਼ਨ ਕਰ ਸਕਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਤਾਂ ਜੋ ਨੌਜਵਾਨ ਉੱਚ ਅਹੁਦਿਆਂ 'ਤੇ ਬੈਠ ਕੇ ਦੇਸ਼ ਦੀ ਤਨਦੇਹੀ ਨਾਲ ਸੇਵਾ ਕਰ ਸਕਣ।

ਨੌਜਵਾਨਾਂ ਨੂੰ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਤੁਸੀਂ ਆਪਣੀ ਜਿੱਤ 'ਤੇ ਰਸ਼ਕ ਨਾ ਕਰੋ ਸਗੋਂ ਹੋਰ ਵੀ ਨਿਮ-ਰਤਾ ਨਾਲ ਕੰਮ ਕਰੋ ਅਤੇ ਵੱਡੀ ਸਫਲਤਾ ਹਾਸਲ ਕਰਨ ਲਈ ਸਖ਼ਤ ਮਿਹਨਤ ਕਰੋ। ਸਵੈ-ਵਿਸ਼ਵਾਸ ਅਤੇ ਸਕਾਰਾਤਮਕ ਦ੍ਰਿਸ਼ਟੀਕੋਣ ਹਰ ਵਿਅਕਤੀ ਦੀ ਸ਼ਖ਼ਸੀਅਤ ਦੇ ਮੂਲ ਗੁਣ ਹੋਣੇ ਚਾਹੀਦੇ ਹਨ ਪਰ ਇਸ ਵਿੱਚ ਕਿਸੇ ਤਰ੍ਹਾਂ ਦਾ ਹੰਕਾਰ ਨਹੀਂ ਹੋਣਾ ਚਾਹੀਦਾ। ਹਰ ਖੇਤਰ ਵਿੱਚ ਸਫ਼ਲਤਾ ਦੀ ਕਹਾਣੀ ਲਿਖਣ ਲਈ ਇਹੀ ਕੁੰਜੀ ਹੈ ਅਤੇ ਇਸ ਨੂੰ ਸਹੀ ਮਾਅਨਿਆਂ ਵਿੱਚ ਲਾਗੂ ਕਰਨਾ ਚਾਹੀਦਾ ਹੈ।"

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਬਰਕਤ ਵਾਲੀ ਧਰਤੀ ਹੈ ਕਿਉਂਕਿ ਸੂਬੇ ਦੇ ਹਰ ਦੂਜੇ ਪਿੰਡ ਨੂੰ ਮਹਾਨ ਗੁਰੂਆਂ ਦੀ ਚਰਨ ਛੋਹ ਪ੍ਰਾਪਤ ਹੈ ਅਤੇ ਇਸ ਸੂਬੇ ਨੇ ਦੇਸ਼ ਲਈ ਜਾਨਾਂ ਵਾਰਨ ਵਾਲੇ ਸੂਰਬੀਰ ਪੁੱਤ ਪੈਦਾ ਕੀਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬੀ ਜਨਮ ਤੋਂ ਹੀ ਉੱਦਮੀ ਅਤੇ ਅਗਵਾਈ ਕਰਨ ਵਾਲੇ ਹੁੰਦੇ ਹਨ, ਜਿਸ ਕਾਰਨ ਉਨ੍ਹਾਂ ਨੇ ਦੁਨੀਆ ਭਰ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮੰਨਵਾਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀ ਸਖ਼ਤ ਮਿਹਨਤ ਸਦਕਾ ਹਰ ਖੇਤਰ ਵਿੱਚ ਮੱਲਾਂ ਮਾਰਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਨੂੰ ਤਰੱਕੀ ਦੀਆਂ ਸਿਖਰਾਂ ਉਤੇ ਲਿਜਾਣ ਲਈ ਪੰਜਾਬੀਆਂ ਦੇ ਇਸ ਜਜ਼ਬੇ ਨੂੰ ਵਰਤਿਆ ਜਾ ਸਕਦਾ ਹੈ ਅਤੇ ਸੂਬਾ ਸਰਕਾਰ ਇਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਬੜੇ ਮਾਣ ਤੇ ਤਸੱਲੀ ਦੀ ਗੱਲ ਹੈ ਕਿ ਲੜਕੀਆਂ ਹਰ ਖੇਤਰ ਵਿੱਚ ਲੜਕਿਆਂ ਨਾਲੋਂ ਅੱਗੇ ਹਨ ਅਤੇ ਅੱਜ ਵੀ ਜ਼ਿਆਦਾਤਰ ਨੌਕਰੀਆਂ ਲੜਕੀਆਂ ਨੇ ਹੀ ਹਾਸਲ ਕੀਤੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਲੜਕੀਆਂ ਨੂੰ ਹਰ ਖੇਤਰ ਵਿੱਚ ਮੱਲਾਂ ਮਾਰਨ ਲਈ ਵੱਧ ਤੋਂ ਵੱਧ ਮੌਕੇ ਦਿੱਤੇ ਜਾਣ ਤਾਂ ਕਿ ਉਹ ਸਫ਼ਲਤਾ ਦੀਆਂ ਨਵੀਆਂ ਕਹਾਣੀਆਂ ਲਿਖ ਸਕਣ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਮਹਿਲਾ ਸਸ਼ਕਤੀਕਰਨ ਲਈ ਠੋਸ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਕਈ ਜ਼ਿਲ੍ਹਿਆਂ ਵਿੱਚ ਐਸ.ਐਸ.ਪੀ. ਵਜੋਂ ਮਹਿਲਾ ਅਧਿਕਾਰੀ ਤਾਇਨਾਤ ਹਨ ਅਤੇ 10 ਤੋਂ ਵੱਧ ਜ਼ਿਲ੍ਹਿਆਂ ਵਿੱਚ ਮਹਿਲਾ ਡਿਪਟੀ ਕਮਿਸ਼ਨਰ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ ਲੜਕੀਆਂ ਦੀ ਭਲਾਈ ਲਈ ਹੋਰ ਵੀ ਅਹਿਮ ਯਤਨ ਕੀਤੇ ਜਾ ਰਹੇ ਹਨ ਅਤੇ ਇਨ੍ਹਾਂ ਯਤਨਾਂ ਦੇ ਲੋੜੀਂਦੇ ਨਤੀਜੇ ਸਾਹਮਣੇ ਆ ਰਹੇ ਹਨ।

ਸਰਕਾਰੀ ਨੌਕਰੀ ਹਾਸਲ ਕਰਨ ਵਾਲੇ ਨੌਜਵਾਨਾਂ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਾਰੇ ਨੌਜਵਾਨਾਂ ਲਈ ਮਾਣ ਵਾਲੀ ਗੱਲ ਹੈ, ਜੋ ਅੱਜ ਇਸ ਸਮਾਗਮ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਜਦੋਂ ਸੂਬੇ ਦਾ ਇਤਿਹਾਸ ਪੜ੍ਹਿਆ ਜਾਵੇਗਾ ਤਾਂ 'ਰੰਗਲਾ ਪੰਜਾਬ' ਸਿਰਜਣ ਵਿੱਚ ਇਨ੍ਹਾਂ ਨੌਜਵਾਨਾਂ ਦੀ ਸ਼ਾਨਦਾਰ ਭੂਮਿਕਾ ਨੂੰ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨੌਜਵਾਨਾਂ ਨੂੰ ਸੂਬੇ ਦੀ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ।

# ਵਾਤਾਵਰਣ ਦੀ ਰੱਖਿਆ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ : ਮੀਤ ਹੇਅਰ

**ਪੰਜਾਬ ਵਿਧਾਨ ਸਭਾ ਵਿੱਚ ਵਾਤਾਵਰਣ ਦੇ ਮਤੇ ਉੱਤੇ ਬੋਲਦਿਆਂ ਜੰਗਲ ਹੇਠਲਾ ਰਕਬਾ ਵਧਾਉਣ ਦੀ ਵਕਾਲਤ ਕੀਤੀ**

ਚੰਡੀਗੜ੍ਹ, 7 ਮਾਰਚ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਵਿੱਚ ਅੱਜ ਵਾਤਾਵਰਣ ਦੀ ਸਾਂਭ ਸੰਭਾਲ ਅਤੇ ਜੰਗਲ ਹੇਠਲਾ ਰਕਬਾ ਵਧਾਉਣ ਦੇ ਮਤੇ ਉੱਤੇ ਬੋਲਦਿਆਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਵਾਤਾਵਰਣ ਦੀ ਰੱਖਿਆ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਇਸ ਮੁਹਿੰਮ ਦੀ ਸਫ਼ਲਤਾ ਲਈ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਉਣੀ ਪਵੇਗੀ। ਇਸ ਲਈ ਲੋਕਾਂ ਨੂੰ ਜਾਗਰੂਕ ਕਰਨਾ ਸਭ ਤੋਂ ਜ਼ਰੂਰੀ ਹੈ। ਜੰਗਲ ਹੇਠਲਾ ਰਕਬਾ ਵਧਾਉਣ ਦੀ ਵਕਾਲਤ ਕਰਦਿਆਂ ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਪੰਚਾਇਤੀ ਜ਼ਮੀਨਾਂ ਅਤੇ ਆਪਣੀ ਰਿਹਾਇਸ਼ ਥਾਂਵਾਂ ਉਤੇ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ।

ਮੀਤ ਹੇਅਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਵਾਤਾਵਰਣ ਦੀ ਸਾਂਭ ਸੰਭਾਲ ਲਈ ਨਿਰੰਤਰ ਯਤਨ ਕੀਤੇ ਜਾ ਰਹੇ ਹਨ। ਸਰਕਾਰੀ ਵਿੱਦਿਅਕ ਅਦਾਰਿਆਂ ਵਿੱਚ ਸੋਲਰ ਪੈਨਲ ਲਗਾਉਣ, ਇਕ ਵਾਰ ਵਰਤੋਂ ਵਾਲੇ ਪਲਾਸਟਿਕ ਉੱਤੇ ਪੂਰਨ ਪਾਬੰਦੀ ਦੇ ਨਾਲ ਸਨਅਤੀ ਪ੍ਰਦੂਸ਼ਣ ਨੂੰ ਠੱਲ੍ਹ ਪਾਉਣ ਸਮੇਤ ਹੋਰ ਕਈ ਪ੍ਰਾਜੈਕਟ ਸ਼ੁਰੂ ਕੀਤੇ ਹਨ। ਪੌਦੇ ਲਗਾਉਣ ਨੂੰ ਤਰਜੀਹ ਦਿੱਤੀ ਗਈ। ਸਰਕਾਰ ਨੇ ਪਰਾਲੀ ਦੇ ਪ੍ਰਬੰਧਨ ਵਿੱਚ ਐਕਸ ਸੀਟੂ ਤੇ ਇਨ ਸੀਟੂ ਕੰਮ ਕੀਤੇ ਜਿਸ ਦੇ ਨਤੀਜੇ ਵਜੋਂ ਪਰਾਲੀ ਸਾੜਨ ਦੇ 30 ਫੀਸਦੀ ਕੇਸ ਘਟੇ ਅਤੇ ਇਹ ਟੀਚਾ ਹੋਰ ਵਧਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ।



ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਵੱਲੋਂ ਪਿਛਲੇ ਕਈ ਸਾਲਾਂ ਤੋਂ ਪਰਾਲੀ ਨਾ ਸਾੜਨ ਵਾਲੇ ਕਿਸਾਨਾਂ ਨੂੰ ਬੁਲਾ ਕੇ ਸਨਮਾਨ ਕਰਕੇ ਹੋਰਨਾਂ ਕਿਸਾਨਾਂ ਨੂੰ ਵੀ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਖੁਦ ਇਸ ਦੀ ਪਹਿਲਕਦਮੀ ਕਰਕੇ ਉਦਾਹਰਨ ਪੇਸ਼ ਕਰਨ ਦੀ ਲੋੜ ਹੈ। ਪੰਜਾਬ ਵਿੱਚ ਪਰਾਲੀ ਪ੍ਰਬੰਧਨ ਲਈ ਲਗਾਏ ਜਾ ਰਹੇ ਉਦਯੋਗਾਂ ਨੂੰ ਸਥਾਨਕ ਵਾਸੀ ਹੁਲਾਰਾ ਦੇਣ।

ਮੀਤ ਹੇਅਰ ਨੇ ਕਿਹਾ ਕਿ ਪ੍ਰਦੂਸ਼ਣ ਦੀ ਸਮੱਸਿਆ ਪਿਛਲੇ ਦੋ ਸਦੀਆਂ ਤੋਂ ਸ਼ੁਰੂ ਹੋਈ ਅਤੇ ਉਦਯੋਗਿਕ ਤਰੱਕੀ ਦੇ ਨਾਲ ਇਸ ਵਿੱਚ ਵੀ ਵਾਧਾ ਹੋਇਆ। ਹਵਾ ਪ੍ਰਦੂਸ਼ਣ ਸਿਹਤ ਲਈ ਵਿਸ਼ਵਵਿਆਪੀ ਸੰਕਟ ਹੈ ਜਿਸ ਨਾਲ ਦੁਨੀਆ ਭਰ ਵਿੱਚ ਲਗਭਗ 70 ਲੱਖ ਲੋਕਾਂ ਦੀ ਮੌਤ ਦਾ ਕਾਰਨ ਬਣਦੀ ਹੈ। ਉਨ੍ਹਾਂ ਕਿਹਾ ਕਿ ਕੋਵਿਡ ਮਹਾਂਮਾਰੀ ਕਾਰਨ ਲੱਗੇ ਲੌਕਡਾਊਨ ਦੌਰਾਨ ਨੀਲਾ ਅਸਮਾਨ ਦੇਖਣ ਨੂੰ ਮਿਲਿਆ। ਪੰਜਾਬ ਤੋਂ ਧੌਲਧਰ ਤੇ ਸ਼ਿਵਾਲਿਕ ਪਹਾੜੀਆਂ ਦੀ ਰੇਂਜ ਸਾਫ ਦਿਸਣ ਲੱਗ ਗਈ ਸੀ ਜਿਸ ਤੋਂ ਸਪੱਸ਼ਟ ਹੈ ਕਿ ਇਹ ਸਮੱਸਿਆ ਅਸੀਂ ਖੁਦ ਸਹੇੜੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਤੋਂ ਸੰਯੁਕਤ ਰਾਸ਼ਟਰ ਵੱਲੋਂ 7 ਸਤੰਬਰ ਨੂੰ ਨੀਲਾ ਅਸਮਾਨ ਦਿਵਸ ਮਨਾਉਣ ਦੀ ਸ਼ੁਰੂਆਤ ਕੀਤੀ ਗਈ।

# ਸਿਵਲ ਸਰਜਨ ਦਫਤਰ ਦਾ ਕਲਰਕ 35 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ

ਚੰਡੀਗੜ੍ਹ, 7 ਮਾਰਚ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲ ਰਹੀ ਮੁਹਿੰਮ ਦੌਰਾਨ ਸਿਵਲ ਸਰਜਨ ਦਫ਼ਤਰ ਪਠਾਨਕੋਟ ਵਿੱਚ ਤਾਇਨਾਤ ਰਹੇ ਕਲਰਕ ਰਾਜਵਿੰਦਰ ਸਿੰਘ (ਹੁਣ ਸੇਵਾਮੁਕਤ) ਨੂੰ 35,000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ।

ਇਹ ਪ੍ਰਗਟਾਵਾ ਕਰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਓਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਕਲਰਕ ਨੂੰ ਸਤਨਾਮ ਸਿੰਘ ਵਾਸੀ ਓਂਕਾਰ ਨਗਰ, ਪਠਾਨਕੋਟ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਉਪਰ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।



ਉਸਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਹੈ ਕਿ ਉਕਤ ਕਲਰਕ ਨੇ ਉਸਦੇ 3,13,486 ਰੁਪਏ ਦੇ ਮੈਡੀਕਲ ਬਿੱਲਾਂ ਨੂੰ ਪਾਸ ਕਰਨ ਬਦਲੇ 35,000 ਰੁਪਏ ਰਿਸ਼ਵਤ ਲਈ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਸਿੱਧ ਹੋਇਆ ਕਿ ਉਕਤ ਕਲਰਕ ਨੇ ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ, ਪੰਜਾਬ ਵੱਲੋਂ ਜਾਰੀ ਇੱਕ ਮਨਜ਼ੂਰੀ ਪੱਤਰ ਨੂੰ ਜਾਅਲੀ ਤੌਰ 'ਤੇ ਤਿਆਰ ਕਰਕੇ ਸ਼ਿਕਾਇਤਕਰਤਾ ਤੋਂ 35,000 ਰੁਪਏ ਦੀ ਰਿਸ਼ਵਤ ਲਈ ਸੀ। ਇਹ ਵੀ ਪਤਾ ਲੱਗਾ ਹੈ ਕਿ ਉਸ ਨੇ ਆਪਣੇ ਕਾਰਜਕਾਲ ਦੌਰਾਨ 16 ਅਜਿਹੇ ਜਾਅਲੀ ਮਨਜ਼ੂਰੀ ਪੱਤਰ ਬਣਾ ਕੇ ਸਰਕਾਰੀ ਖਜ਼ਾਨੇ ਨੂੰ ਲੱਖਾਂ ਰੁਪਏ ਦਾ ਨੁਕਸਾਨ ਪਹੁੰਚਾਇਆ ਹੈ।

ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਓਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਉਕਤ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮੁਕੱਦਮੇ ਦੀ ਹੋਰ ਤਫਤੀਸ਼ ਜਾਰੀ ਹੈ।






# ਐਸਓਆਈ ਵੱਲੋਂ ਸ਼ੁਰੂ ਕੀਤਾ ਜਾਵੇਗਾ 'ਪੰਜਾਬ ਸਟੂਡੈਂਟ ਮਿਲਣੀ ਪ੍ਰੋਗਰਾਮ': ਢਿੱਲੋਂ

**ਸਟੂਡੈਂਟ ਆਇਡਲ ਤੇ ਪੰਜਾਬ ਪ੍ਰੀਮੀਅਮ ਲੀਗ ਮੁਹਿੰਮ ਵੀ ਸ਼ੁਰੂ ਕਰਕੇ ਵਿਦਿਆਰਥੀਆਂ ਨੂੰ ਕੀਤਾ ਜਾਵੇਗਾ ਜਾਗਰੂਕ**

ਚੰਡੀਗੜ੍ਹ, 7 ਮਾਰਚ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਦੇ ਵਿਦਿਆਰਥੀ ਵਿੰਗ ਸਟੂਡੈਂਟਸ ਆਰਗੇਨਾਈਜੇਸ਼ਨ ਆਫ ਇੰਡੀਆ (ਐਸ ਓ ਆਈ) ਵੱਲੋਂ ਜਲਦੀ ਹੀ 'ਪੰਜਾਬ ਸਟੂਡੈਂਟ ਮਿਲਣੀ' ਪ੍ਰੋਗਰਾਮ ਸ਼ੁਰੂ ਕੀਤਾ ਜਾਵੇਗਾ ਜਿਸ ਤਹਿਤ ਹਰ ਜ਼ਿਲ੍ਹੇ ਵਿਚ ਯੂਨੀਵਰਸਿਟੀਆਂ ਤੇ ਕਾਲਜ ਕੈਂਪਸਾਂ ਵਿਚ ਵਿਦਿਆਰਥੀਆਂ ਨਾਲ ਰਾਬਤਾ ਕਾਇਮ ਕਰ ਕੇ ਉਹਨਾਂ ਨੂੰ ਪੰਜਾਬ, ਪੰਜਾਬੀ ਤੇ ਪੰਜਾਬੀਅਤ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੇ ਕਾਰਜਾਂ ਤੇ ਪਾਰਟੀ ਦੀਆਂ ਨੀਤੀਆਂ ਤੇ ਪ੍ਰੋਗਰਾਮਾਂ ਤੋਂ ਜਾਣੂ ਕਰਵਾਇਆ ਜਾਵੇਗਾ। ਇਹ ਪ੍ਰਗਟਾਵਾ ਐਸ ਓ ਆਈ ਦੇ ਕੌਮੀ ਪ੍ਰਧਾਨ ਸਰਦਾਰ ਰਣਬੀਰ ਸਿੰਘ ਢਿੱਲੋਂ ਨੇ ਕੀਤਾ ਹੈ।

ਅੱਜ ਇਥੇ ਪਾਰਟੀ ਦੇ ਮੁੱਖ ਦਫਤਰ ਵਿਚ ਐਸ ਓ ਆਈ ਦੀ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਦਾਰ ਰਣਬੀਰ ਸਿੰਘ ਢਿੱਲੋਂ ਤੇ ਉਹਨਾਂ ਦੇ ਨਾਲ ਮਾਝਾ ਵਿੰਗ ਮੁਖੀ ਗੌਰਵਦੀਪ ਸਿੰਘ ਵਲਟੋਹਾ, ਆਕਾਸ਼ਦੀਪ ਸਿੰਘ, ਹਰਮਨ ਬਰਾੜ, ਮਨਿੰਦਰ ਮਣੀ, ਮਨੂ ਪਟਿਆਲਾ, ਹਰਕਮਲ ਸਿੰਘ, ਤਨਦੀਪ ਸਿੰਘ, ਦਵਿੰਦਰ ਸਿੰਘ,ਹਰਮਨਦੀਪ ਸਿੰਘ ਤੇ ਯੁਵਰਾਜ ਸਿੰਘ ਸਮੇਤ ਹੋਰ ਆਗੂਆਂ ਨੇ ਦੱਸਿਆ ਕਿ 'ਪੰਜਾਬ ਸਟੂਡੈਂਟ ਮਿਲਣੀ' ਪ੍ਰੋਗਰਾਮ ਤਹਿਤ ਅਸੀਂ ਹਰੇਕ ਯੂਨੀਵਰਸਿਟੀ ਤੇ ਕਾਲਜ ਦੇ ਕੈਂਪਸ ਵਿਚ ਵਿਦਿਆਰਥੀਆਂ ਨੂੰ ਮਿਲਾਂਗੇ। ਉਹਨਾਂ ਕਿਹਾ ਕਿ ਇਕ ਦਿਨ ਵਿਚ ਅਸੀਂ ਦੋ ਜ਼ਿਲ੍ਹੇ ਕਵਰ ਕਰਾਂਗੇ। ਜਿਹੜੇ ਨੇੜੇ ਨੇੜੇ ਵਾਲੇ ਦੋ ਜ਼ਿਲ੍ਹੇ ਹਨ ਉਹਨਾਂ ਵਿਚ ਯੂਨੀਵਰਸਿਟੀ ਤੇ ਕਾਲਜਾਂ ਨੂੰ ਕਵਰ ਕਰਨ ਦਾ ਯਤਨ ਕਰਾਂਗੇ। ਉਹਨਾਂ ਕਿਹਾ ਕਿ ਇਹੋ ਜਿਹਾ ਪ੍ਰੋਗਰਾਮ ਪਹਿਲਾਂ ਯੂਥ ਵਿੰਗ ਨੇ ਨੇ ਦਿੱਤਾ ਸੀ ਤੇ ਪੰਜਾਬ ਵਿਚ ਨੌਜਵਾਨ ਮਿਲਣੀ ਪ੍ਰੋਗਰਾਮ ਸ਼ੁਰੂ ਕੀਤਾ ਜਿਸਨੂੰ ਸਾਰੇ ਜ਼ਿਲ੍ਹਿਆਂ ਵਿਚ ਚੰਗੀ ਸਫਲਤਾ ਮਿਲੀ। ਉਹਨਾਂ ਕਿਹਾ ਕਿ ਸਾਨੂੰ ਵੀ ਵਿਸ਼ਵਾਸ ਹੈ ਕਿ ਐਸ ਓ ਆਈ ਦੇ ਪ੍ਰੋਗਰਾਮ ਨੂੰ ਭਰਵਾਂ ਹੁੰਗਾਰਾ ਮਿਲੇਗਾ।

ਉਹਨਾਂ ਕਿਹਾ ਕਿ ਇਸਦੇ ਨਾਲ ਹੀ ਅਸੀਂ 'ਸਟੂਡੈਂਟ ਆਇਡਲ' ਪ੍ਰੋਗਰਾਮ ਵੀ ਸ਼ੁਰੂ ਕਰਾਂਗੇ ਜਿਸ ਤਹਿਤ ਕਿਸੇ ਇਕ ਵਿਸ਼ੇ 'ਤੇ ਵਿਦਿਆਰਥੀਆਂ ਦੇ ਵਿਚਾਰ ਲਏ ਜਾਣਗੇ ਤੇ ਸਭ ਤੋਂ ਚੰਗੇ ਵਿਚਾਰ ਦੇਣ ਵਾਲੇ ਵਿਦਿਆਰਥੀ ਦਾ ਸੋਸ਼ਲ ਮੀਡੀਆ 'ਤੇ ਖਾਸ ਤੌਰ 'ਤੇ ਪਾਰਟੀ ਦੇ ਪਲੈਟਫਾਰਮਾਂ 'ਤੇ ਪ੍ਰੋਮੋਸ਼ਨ ਕੀਤਾ ਜਾਵੇਗਾ।

ਉਹਨਾਂ ਕਿਹਾ ਕਿ ਦੂਜੇ ਪੜਾਅ ਵਿਚ ਅਸੀਂ 'ਪੰਜਾਬ ਪ੍ਰੀਮੀਅਮ ਲੀਗ' ਸ਼ੁਰੂ ਕਰਨ ਜਾ ਰਹੇ ਹਾਂ ਜਿਸ ਵਿਚ ਖੇਡਾਂ ਨਾਲ ਸਬੰਧਤ ਪ੍ਰੋਗਰਾਮ ਅਸੀਂ ਹਰ ਜ਼ਿਲ੍ਹੇ ਵਿਚ ਸ਼ੁਰੂ ਕਰਾਂਗੇ। ਉਹਨਾਂ ਕਿਹਾ ਕਿ ਜਲਦੀ ਹੀ ਅਸੀਂ ਮੈਂਬਰਸ਼ਿਪ ਮੁਹਿੰਮ ਵੀ ਸ਼ੁਰੂ ਕਰਾਂਗੇ।

ਉਹਨਾਂ ਕਿਹਾ ਕਿ ਐਸ ਓ ਆਈ ਸ਼੍ਰੋਮਣੀ ਅਕਾਲੀ ਦਲ ਦਾ ਵਿਦਿਆਰਥੀ ਵਿੰਗ ਹੈ ਜੋ ਹਮੇਸ਼ਾ ਵਿਦਿਆਰਥੀ ਹਿੱਤਾਂ ਵਾਸਤੇ ਮੋਹਰੀ ਹੋ ਕੇ ਡਟਿਆ ਹੈ। ਉਹਨਾਂ ਕਿਹਾ ਕਿ ਐਸ ਓ ਆਈ ਨੇ ਕਾਲਜਾਂ ਵਿਚ ਵਿਦਿਆਰਥੀਆਂ ਤੱਕ ਪਹੁੰਚ ਕੀਤੀ ਹੈ ਤੇ ਵਿਦਿਆਰਥੀਆਂ ਦੀ ਸੋਚ ਹਾਈ ਕਮਾਂਡ ਤੱਕ ਪਹੁੰਚਾਈ ਜਾਵੇਗੀ ਤੇ ਫਿਰ ਹਾਈ ਕਮਾਂਡ ਦੀਆਂ ਨੀਤੀਆਂ ਤੇ ਪ੍ਰੋਗਰਾਮਾਂ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਜਾਵੇਗਾ। ਉਹਨਾਂ ਕਿਹਾ ਕਿ 2024 ਦੀਆਂ ਚੋਣਾਂ ਵਿਚ ਪਾਰਟੀ ਦੀ ਮਜ਼ਬੂਤੀ ਵਾਸਤੇ ਅਸੀਂ ਕੰਮ ਕਰਨਾ ਹੈ ਤੇ ਪਾਰਟੀ ਵੱਲੋਂ ਦਿੱਤੇ ਨੀਤੀਆਂ ਤੇ ਪ੍ਰੋਗਰਾਮਾਂ ਬਾਰੇ ਅਸੀਂ ਸਾਰੇ ਮੈਂਬਰਾਂ ਨੂੰ ਜਾਣੂ ਕਰਵਾਵਾਂਗੇ।



ਉਹਨਾਂ ਇਹ ਵੀ ਕਿਹਾ ਕਿ ਅਜੋਕੇ ਸਮੇਂ ਵਿਚ ਪੰਜਾਬੀਆਂ ਵਿਚ ਯੋਗਤਾ ਸਿਰਫ 12ਵੀਂ ਤੱਕ ਰਹਿ ਗਈ ਤੇ ਅਸੀਂ ਦੂਜੇ ਮੁਲਕਾਂ ਵਿਚ ਲੇਬਰ ਬਣਨ ਨੂੰ ਤਿਆਰ ਹਾਂ ਪਰ ਅਸੀਂ ਇਸਨੂੰ ਮੋੜਾ ਪਾਉਣਾ ਹੈ ਤੇ ਇਥੇ ਪੜ੍ਹ ਲਿਖ ਕੇ ਚੰਗੇ ਅਹੁਦਿਆਂ 'ਤੇ ਪਹੁੰਚਣਾ ਹੈ। ਉਹਨਾਂ ਦੱਸਿਆ ਕਿ ਮੌਜੂਦਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਦਾਅਵੇ ਕਰਦੀ ਸੀ ਕਿ ਅੰਗਰੇਜ਼ ਵੀ ਇਥੇ ਨੌਕਰੀ ਕਰਨ ਆਉਣਗੇ ਜਦੋਂ ਕਿ ਅਸਲੀਅਤ ਇਹ ਹੈ ਕਿ ਸਾਲ 2023 ਵਿਚ 11 ਲੱਖ 97 ਹਜ਼ਾਰ ਪਾਸਪੋਰਟ ਪੰਜਾਬ ਵਿਚ ਬਣਿਆ ਹੈ ਤੇ ਇਥੋਂ ਨੌਜਵਾਨ ਪੀੜੀ ਦਾ ਪਰਵਾਸ ਬਹੁਤ ਚਿੰਤਾਜਨਕ ਹੈ।

ਉਹਨਾਂ ਕਿਹਾ ਕਿ ਸਿੱਖਿਆ ਦੇ ਮਾਮਲੇ ਵਿਚ ਜੋ ਵੀ ਅਕਾਲੀ ਦਲ ਦੀ ਸਰਕਾਰ ਵੇਲੇ ਹੋਇਆ, ਅਸੀਂ ਉਹ ਲੋਕਾਂ ਵਿਚ ਲੈ ਕੇ ਜਾਵਾਂਗੇ। ਉਹਨਾਂ ਕਿਹਾ ਕਿ ਆਈ ਆਈ ਟੀ, ਆਈ ਆਈ ਐਮ, ਏਮਜ਼ ਸਮੇਤ ਹੋਰ ਸੰਸਥਾਵਾਂ ਦੀ ਸਥਾਪਤੀ ਪੰਜਾਬ ਵਿਚ ਕਿਵੇਂ ਹੋਈ, ਉਸ ਬਾਰੇ ਜਾਣੂ ਕਰਾਵਾਂਗੇ।

ਉਹਨਾਂ ਕਿਹਾ ਕਿ ਯੂਥ ਵਿਕਾਸ ਬੋਰਡ ਦੇ ਪਹਿਲੇ ਪ੍ਰਧਾਨ ਸਰਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਬਣੇ ਜਿਹਨਾਂ ਨੇ ਪਿੰਡਾਂ ਵਿਚ ਜਿੰਮ ਕਿੱਟਾਂ ਤੋਂ ਲੈ ਕੇ ਨੌਜਵਾਨਾਂ ਨਾਲ ਸਬੰਧਤ ਹਰ ਸਰਗਰਮੀ ਕੀਤੀ। ਉਹਨਾਂ ਇਹ ਵੀ ਕਿਹਾ ਕਿ ਐਸ ਓ ਆਈ ਨੇ 2007 ਅਤੇ 2012 ਵਿਚ ਅਕਾਲੀ ਦਲ ਦੀ ਸਰਕਾਰ ਬਣਾਉਣ ਵਿਚ ਵੱਡਾ ਯੋਗਦਾਨ ਪਾਇਆ ਸੀ ਤੇ ਹੁਣ ਵੀ 2024 ਦੇ ਨਾਲ-ਨਾਲ 2027 ਵਿਚ ਵੀ ਐਸ ਓ ਆਈ ਦਾ ਵੱਡਾ ਯੋਗਦਾਨ ਰਹੇਗਾ। ਉਹਆਂ ਕਿਹਾ ਕਿ ਅੱਜ ਦੀ ਮੀਟਿੰਗ ਵਿਚ ਪੰਜਾਬ ਭਰ ਤੋਂ ਐਸ ਓ ਆਈ ਵਾਸਤੇ ਕੰਮ ਕਰਦੇ ਜ਼ੋਨਲ ਪ੍ਰਧਾਨ ਜਾਂ ਯੂਨੀਵਰਸਿਟੀ, ਕਾਲਜਾਂ ਦੇ ਪ੍ਰਧਾਨ ਹਨ, ਸਾਰੇ ਪਹੁੰਚੇ ਹਨ। ਉਹਨਾਂ ਕਿਹਾ ਕਿ ਐਸ ਓ ਆਈ ਨੂੰ ਕਿਵੇਂ ਤਗੜਾ ਕਰਨਾ ਹੈ, ਕਿਵੇਂ ਅਸੀਂ ਪਾਰਟੀ ਦੀਆਂ ਨੀਤੀਆਂ ਨੌਜਵਾਨਾਂ ਤੱਕ ਲੈ ਕੇ ਜਾਣਾ ਹੈ, ਇਸ 'ਤੇ ਚਰਚਾ ਕੀਤੀ ਹੈ।

ਉਹਨਾਂ ਕਿਹਾ ਕਿ ਐਸ ਓ ਆਈ 'ਤੇ ਵੱਡੀ ਜ਼ੰਮੇਵਾਰੀ ਹੈ, ਅਸੀਂ ਪਾਰਟੀ ਦੀ ਚੜ੍ਹਦੀਕਲਾ ਵਾਸਤੇ ਮੀਟਿੰਗ ਬੁਲਾਈ ਸੀ। ਪਾਰਟੀ ਦੀ ਸੋਚ ਨੂੰ ਕਿਵੇਂ ਅੱਗੇ ਲੈ ਕੇ ਜਾਣਾ ਹੈ, ਉਸ ਬਾਰੇ ਵਿਚਾਰ ਵਟਾਂਦਰਾ ਕੀਤਾ।

ਉਹਨਾਂ ਕਿਹਾ ਕਿ ਨੌਜਵਾਨਾਂ ਨੂੰ ਅਕਾਲੀ ਦਲ ਦਾ ਇਤਿਹਾਸ ਸਮਝਾਇਆ ਜਾਵੇਗਾ ਤੇ ਦਿੱਲੀ ਦੀਆਂ ਪਾਰਟੀਆਂ ਸਿਆਸੀ ਪਾਰਟੀਆਂ ਨਹੀਂ ਬਲਕਿ ਕੰਪਨੀਆਂ ਕਿਵੇਂ ਕੰਮ ਕਰਦੀਆਂ ਹਨ, ਇਸ ਬਾਰੇ ਦੱਸਿਆ ਜਾਵੇਗਾ। ਉਹਨਾਂ ਕਿਹਾ ਕਿ ਹੁਣ 2024 ਤੇ ਫਿਰ 2027 ਵਿਚ ਇਹ ਨੌਜਵਾਨ ਸ਼ਕਤੀ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿਚ ਡਟੀ ਨਜ਼ਰ ਆਵੇਗੀ।

ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਕਿਸਾਨੀ ਤੇ ਆਮ ਲੋਕਾਂ ਦੀ ਗੱਲ ਕੀਤੀ ਤੇ ਜੇਕਰ ਸ਼੍ਰੋਮਣੀ ਅਕਾਲੀ ਦਲ ਮਜ਼ਬੂਤ ਹੈ ਤਾਂ ਅਸੀਂ ਮਜ਼ਬੂਤ ਹਾਂ।




# ਸੈਰ ਸਪਾਟੇ ਦੇ ਖੇਤਰ ਵਿਚ ਸ਼ਲਾਘਾਯੋਗ ਭੂਮਿਕਾ ਨਿਭਾਉਣ ਲਈ ਅਨਮੋਲ ਗਗਨ ਮਾਨ ਨੇ ਜਿੱਤਿਆ 'ਵੂਮੈਨ ਟੂਰਿਜ਼ਮ ਮਨਿਸਟਰ ਆਫ਼ ਯੀਅਰ'

## ਜਰਮਨੀ ਦੇ ਸ਼ਹਿਰ ਬਰਲਿਨ ਵਿਚ ਅਨਮੋਲ ਗਗਨ ਮਾਨ ਹਾਸਲ ਕੀਤਾ ਸਨਮਾਨ



ਚੰਡੀਗੜ੍ਹ/ਬਰਲਿਨ, 7 ਮਾਰਚ (ਪੋਸਟ ਬਿਊਰੋ): ਪੰਜਾਬ ਦੇ ਸੈਰ ਸਪਾਟਾ ਮੰਤਰੀ ਅਨਮੋਲ ਗਗਨ ਮਾਨ ਨੇ ਅੱਜ ਜਰਮਨੀ ਦੀ ਰਾਜਧਾਨੀ ਬਰਲਿਨ ਵਿਖੇ ਹੋਏ ਸੈਰ ਸਪਾਟਾ ਸਨਅਤ ਨਾਲ ਸਬੰਧਤ ਅੰਤਰਰਾਸ਼ਟਰੀ ਪੱਧਰ ਦੇ ਸਮਾਗਮ ਦੌਰਾਨ ਸੈਰ ਸਪਾਟੇ ਦੇ ਖੇਤਰ ਵਿਚ ਸ਼ਲਾਘਾਯੋਗ ਭੂਮਿਕਾ ਨਿਭਾਉਣ ਲਈ 'ਵੂਮੈਨ ਟੂਰਿਜਮ ਮਨਿਸਟਰ ਆਫ਼ ਯੀਅਰ ਖਿਤਾਬ ਜਿੱਤਿਆ ਹੈ। ਇਸ ਤੋਂ ਇਲਾਵਾ ਪੰਜਾਬ ਰਾਜ ਨੇ ਫਾਰਮ ਅਤੇ ਰੂਰਲ ਟੂਰਜਿਮ ਐਵਾਰਡ ਵੀ ਜਿੱਤਣ ਵਿਚ ਸਫ਼ਲਤਾ ਹਾਸਿਲ ਕੀਤੀ ਹੈ।

ਇਹ ਸਮਾਗਮ ਇੰਟਰਨੈਸ਼ਨਲ ਟੂਰਿਜਮ ਬੋਰਿਸ ਬਰਲਿਨ (ਆਈ.ਟੀ.ਬੀ.ਬਰਲਿਨ) ਅਤੇ ਦੀ ਪੈਸੇਫਿਕ ਏਰੀਆ ਟਰੈਵਲ ਰਾਈਟਰਜ ਐਸੋਸੀਏਸ਼ਨ (ਪਾਟਵਾ) ਵਲੋਂ ਸਾਂਝੇ ਤੋਰ ਤੇ ਕਰਵਾਏ ਗਏ ਇਸ 3 ਦਿਨਾਂ ਸਮਾਗਮ ਦੌਰਾਨ ਦੁਨੀਆ ਭਰ ਦੇ ਸੈਰ ਸਪਾਟਾ ਸਨਅਤ ਨਾਲ ਜੁੜੀਆਂ ਕੰਪਨੀਆਂ ਅਤੇ ਸੰਸਥਾਵਾਂ ਵਲੋਂ ਭਾਗ ਲਿਆ ਗਿਆ।

ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਵਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਰਾਜ ਵਿੱਚ ਸੈਰ ਸਪਾਟਾ ਸਨਅਤ ਨੂੰ ਪ੍ਰਫੁੱਲਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਲਈ ਇਹ ਸਨਮਾਨ ਜਿੱਤਿਆ।

ਸਨਮਾਨ ਹਾਸਿਲ ਕਰਨ ਉਪਰੰਤ ਅਨਮੋਲ ਗਗਨ ਮਾਨ ਨੇ ਕਿਹਾ ਕਿ ਪੰਜਾਬ ਰਾਜ ਵਿੱਚ ਸੈਰ ਸਪਾਟਾ ਸਨਅਤ ਨਾਲ ਸਬੰਧਤ ਬਹੁਤ ਸੰਭਾਵਨਾਵਾਂ ਹਨ ਜਿਸ ਨੂੰ ਸਿਰਫ਼ ਇੰਫਰਾਸਟ੍ਰੱਕਚਰ ਦੇਣ ਅਤੇ ਪ੍ਰਚਾਰਨ ਦੀ ਲੋੜ ਹੈ ਅਤੇ ਸਾਡੀ



ਸਰਕਾਰ ਇਸੇ ਦਿਸ਼ਾ ਵਿਚ ਕੰਮ ਕਰ ਰਹੀ ਹੈ।

# ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬੀ ਨੌਜਵਾਨਾਂ ਨੂੰ ਜ਼ਬਰਦਸਤੀ ਰੂਸੀ ਫੌਜ ਵਿੱਚ ਭਰਤੀ ਕੀਤੇ ਜਾਣ ਦਾ ਮਾਮਲਾ ਉਠਾਇਆ

## *ਵਿਦੇਸ਼ ਮੰਤਰਾਲੇ ਅਤੇ ਰੂਸੀ ਰਾਜਦੂਤ ਨੂੰ ਲਿਖਿਆ ਪੱਤਰ * ਇੰਮੀਗ੍ਰੇਸ਼ਨ ਐਕਟ ਤਹਿਤ ਬਣਦੀ ਕਾਰਵਾਈ ਕਰਨ ਦੀ ਕੀਤੀ ਮੰਗ

ਚੰਡੀਗੜ੍ਹ, 7 ਮਾਰਚ (ਪੋਸਟ ਬਿਊਰੋ): ਭਾਰਤੀ ਨੌਜਵਾਨਾਂ ਨੂੰ ਜ਼ਬਰਦਸਤੀ ਰੂਸੀ ਮਿਲਟਰੀ ਵਿੱਚ ਭਰਤੀ ਕਰਕੇ ਯੂਕਰੇਨ ਦੀ ਜੰਗ ਵਿੱਚ ਭੇਜੇ ਜਾਣ ਦੀਆਂ ਮੀਡੀਆ ਰਿਪੋਰਟਾਂ ਦੇ ਚਲਦਿਆਂ ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਇਹ ਮਸਲਾ ਵਿਦੇਸ਼ ਮੰਤਰਾਲੇ ਅਤੇ ਭਾਰਤ ਵਿੱਚ ਰੂਸੀ ਸਫ਼ੀਰ ਕੋਲ ਉਠਾਇਆ ਹੈ।

ਪੰਜਾਬ ਵਿਧਾਨ ਸਭਾ ਵਿੱਚ ਇਹ ਮੁੱਦਾ ਉਠਾਉਂਦਿਆਂ ਧਾਲੀਵਾਲ ਨੇ ਕਿਹਾ ਕਿ ਇਹ ਬੜਾ ਗੰਭੀਰ ਮਾਮਲਾ ਹੈ, ਜਿਸ ਨੂੰ ਜਲਦ ਹੱਲ ਕੀਤਾ ਜਾਣਾ ਬਹੁਤ ਜ਼ਰੂਰੀ



ਹੈ ਕਿਉਂਕਿ ਇਨ੍ਹਾਂ ਵਿੱਚੋਂ ਜ਼ਿਆਦਾਤਰ ਨੌਜਵਾਨ ਪੰਜਾਬ ਨਾਲ ਸਬੰਧਤ ਹਨ , ਜੋ ਵਿਜ਼ਟਰ ਵੀਜ਼ੇ 'ਤੇ ਰੂਸ ਗਏ ਸਨ, ਪਰ ਉਨ੍ਹਾਂ ਨੂੰ ਜ਼ਬਰਨ ਰੂਸੀ ਮਿਲਟਰੀ ਵਿੱਚ ਸ਼ਾਮਲ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚੋਂ ਇੱਕ ਦੀ ਜੰਗ ਦੌਰਾਨ ਮੌਤ ਹੋ ਗਈ ਸੀ।

ਧਾਲੀਵਾਲ ਨੇ ਅਪੀਲ ਕੀਤੀ ਕਿ ਇਨ੍ਹਾਂ ਨੌਜਵਾਨਾਂ ਦੀ ਘਰ ਵਾਪਸੀ ਲਈ ਯੋਗ ਮਦਦ ਮੁਹੱਈਆ ਕਰਵਾਉਣ ਲਈ ਬਣਦੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਵੀਜ਼ਾ ਨਿਯਮਾਂ ਜਾਂ ਇਮੀਗ੍ਰੇਸ਼ਨ ਐਕਟ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਵੀ ਬਣਦੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕੁਝ ਮੀਡੀਆ ਰਿਪੋਰਟਾਂ ਤੋਂ ਪਤਾ ਲੱਗਾ ਹੈ ਕਿ ਇਨ੍ਹਾਂ ਨੌਜਵਾਨਾਂ ਨੂੰ ਏਜੰਟਾਂ ਨੇ ਨੌਕਰੀਆਂ ਦਾ ਝਾਂਸਾ ਦੇ ਕੇ ਰੂਸੀ ਫੌਜ ਵਿੱਚ 'ਹੈਲਪਰ' ਵਜੋਂ ਕੰਮ ਕਰਨ ਲਈ ਮਜਬੂਰ ਕੀਤਾ।

ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਨੇ ਇਹ ਵੀ ਮੰਗ ਕੀਤੀ ਕਿ ਜੰਗ ਦੌਰਾਨ ਮਾਰੇ ਗਏ ਨੌਜਵਾਨਾਂ ਦੀ ਲਾਸ਼ ਨੂੰ ਵਾਪਸ ਲਿਆਂਦਾ ਜਾਵੇ। ਉਨ੍ਹਾਂ ਕੇਂਦਰ ਸਰਕਾਰ ਤੋਂ ਇਸ ਮਾਮਲੇ ਵਿੱਚ ਤੁਰੰਤ ਦਖਲ ਦੇਣ ਦੀ ਮੰਗ ਕੀਤੀ। ਉਨ੍ਹਾਂ ਦੱਸਿਆ ਕਿ ਭਾਰਤ ਦੇ ਸੱਤ ਨੌਜਵਾਨ ਗਗਨਦੀਪ ਸਿੰਘ, ਲਵਪ੍ਰੀਤ ਸਿੰਘ, ਨਰਾਇਣ ਸਿੰਘ, ਗੁਰਪ੍ਰੀਤ ਸਿੰਘ (21), ਗੁਰਪ੍ਰੀਤ ਸਿੰਘ (23) ਅਤੇ ਹੋਰ ਯੂਕਰੇਨ ਦੇ ਯੁੱਧ ਖੇਤਰ ਵਿੱਚ ਫਸੇ ਹੋਏ ਹਨ।



# ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ਦੇ ਸਕੂਲ ਵਿੱਚ ਅੱਗ ਲੱਗਣ ਕਾਰਨ ਚਾਰ ਸਾਲਾ ਬੱਚੀ ਦੀ ਮੌਤ



ਬੀਜਾਪੁਰ, 7 ਮਾਰਚ (ਪੋਸਟ ਬਿਊਰੋ): ਛੱਤੀਸਗੜ੍ਹ ਦੇ ਕਬਾਇਲੀ ਬਹੁ-ਗਿਣਤੀ ਵਾਲੇ ਬੀਜਾਪੁਰ ਜ਼ਿਲ੍ਹੇ ਦੇ ਇੱਕ ਸਰਕਾਰੀ ਰਿਹਾਇਸ਼ੀ ਸਕੂਲ ਵਿੱਚ ਅੱਗ ਲੱਗਣ ਕਾਰਨ ਇੱਕ ਚਾਰ ਸਾਲਾ ਬੱਚੀ ਦੀ ਮੌਤ ਹੋ ਗਈ। ਅਧਿਕਾਰੀਆਂ ਨੇ ਦੱਸਿਆ ਕਿ ਲੜਕੀ, ਜਿਸ ਦੀ ਪਛਾਣ ਲਿਪਾਕਸ਼ੀ ਵਜੋਂ ਹੋਈ ਹੈ, ਸਕੂਲ ਦੀ ਵਿਦਿਆਰਥਣ ਨਹੀਂ ਸੀ ਅਤੇ ਪਿਛਲੇ ਕੁਝ ਦਿਨਾਂ ਤੋਂ ਆਪਣੀ ਵੱਡੀ ਭੈਣ ਨਾਲ ਰਹਿ ਰਹੀ ਸੀ। ਲਿਪਾਕਸ਼ੀ ਦੀ ਵੱਡੀ ਭੈਣ ਸਕੂਲ ਦੀ ਵਿਦਿਆਰਥਣ ਹੈ। ਸਕੂਲ ਸਿੱਖਿਆ ਵਿਭਾਗ ਦੇ ਇੱਕ ਅਧਿਕਾਰੀ ਨੇ ਇੱਥੇ ਦੱਸਿਆ ਕਿ ਬੁੱਧਵਾਰ ਦੇਰ ਰਾਤ ਅਵਾਪੱਲੀ ਥਾਣਾ ਖੇਤਰ ਦੇ ਅਧੀਨ ਪੈਂਦੇ ਪਿੰਡ ਚਿੰਤਾਕਾਂਟਾ ਵਿੱਚ ਲੜਕੀਆਂ ਲਈ ਬਣਾਏ ਗਏ ਪੋਰਟਾ-ਕੈਬਿਨ ਸਕੂਲ ਵਿੱਚ ਅੱਗ ਲੱਗ ਗਈ।

ਅਧਿਕਾਰੀ ਨੇ ਦੱਸਿਆ ਕਿ ਸਾਰੇ 380 ਵਿਦਿਆਰਥੀਆਂ ਨੂੰ ਹਾਲਪੋਰਟਾ ਕੈਬਿਨ ਸਟਾਫ ਅਤੇ ਸਥਾਨਕ ਪਿੰਡ ਵਾਸੀਆਂ ਨੇ ਸੁਰੱਖਿਅਤ ਬਾਹਰ ਕੱਢ ਲਿਆ। ਬਾਅਦ ਵਿੱਚ ਪਤਾ ਲੱਗਾ ਕਿ ਇੱਕ ਵਿਦਿਆਰਥੀ ਦੀ ਛੋਟੀ ਭੈਣ ਲਾਪਤਾ ਹੈ। ਉਹ ਸੜ ਕੇ ਮਰ ਗਿਆ। ਉਨ੍ਹਾਂ ਦੱਸਿਆ ਕਿ ਅੱਗ ਲੱਗਣ ਦੀ ਸੂਚਨਾ ਮਿਲਣ ਤੋਂ ਬਾਅਦ ਫਾਇਰ ਬ੍ਰਿਗੇਡ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਪਿੰਡ ਵਾਸੀਆਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ।







